ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 24 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਕਾਂਗਰਸੀ ਆਗੂ ਦਾ ਗੋਲ਼ੀਆਂ ਮਾਰ ਕੇ ਕਤਲ

**ਫਿਰੋਜ਼ਪੁਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਇਥੇ ਜੇਲ੍ਹ ਦੇ ਬਾਹਰ ਗੋਲ਼ੀਆਂ ਮਾਰ ਕੇ ਕਾਂਗਰਸੀ ਆਗੂ ਦਾ ਕਤਲ ਕਰ ਦਿੱਤਾ ਗਿਆ। ਗੋਲ਼ੀਆਂ ਦਾ ਸ਼ਿਕਾਰ ਹੋਏ ਕਾਂਗਰਸੀ ਆਗੂ ਨੇ ਇਲਾਜ ਦੌਰਾਨ ਦਮ ਤੋੜਿਆ। ਮ੍ਰਿਤਕ ਕਾਂਗਰਸੀ ਆਗੂ ਦੀ ਪਛਾਣ ਲਲਿਤ ਕੁਮਾਰ ਵਜੋਂ ਹੋਈ ਹੈ, ਜਿਸ ਨੂੰ ਜੇਲ੍ਹ ਦੇ ਬਾਹਰ ਹਮਲਾਵਰਾਂ ਨੇ ਬੀਤੀ ਸ਼ਾਮ ਗੋਲ਼ੀਆਂ ਮਾਰੀਆਂ ਸਨ। ਕਰੀਬ 3 ਹਮਲਾਵਰਾਂ ਵੱਲੋਂ ਫਾਇਰਿੰਗ ਕੀਤੀ ਗਈ ਸੀ। ਲਲਿਤ ਕੁਮਾਰ ਦਾ ਸਾਥੀ ਜ਼ਮਾਨਤ 'ਤੇ ਬਾਹਰ ਆਇਆ ਸੀ, ਜਿਸ ਨੂੰ ਲਿਆਉਣ ਲਈ ਲਲਿਤ ਆਪਣੇ ਸਾਥੀਆਂ ਦੇ ਨਾਲ ਗਿਆ ਸੀ। ਲਲਿਤ ਕੁਮਾਰ ਨੂੰ ਤਿੰਨ ਗੋਲ਼ੀਆਂ ਲੱਗੀਆਂ ਸਨ ਅਤੇ ਲਲਿਤ ਕੁਮਾਰ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਮੋਗਾ ਦੇ ਮੈਡੀਸਿਟੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਸੀ, ਜਿੱਥੇ ਅੱਜ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ ਸੀ। ਲਲਿਤ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਕਰਵਾਉਣ ਲਈ ਥਾਣਾ ਫ਼ਿਰੋਜ਼ਪੁਰ ਪੁਲਸ ਨੇ ਕਾਰਵਾਈ ਕੀਤੀ ਲਾਸ਼ ਨੂੰ ਪੋਸਟਮਾਰਟਮ ਲਈ ਫਰੀਦਕੋਟ ਮੈਡੀਕਲ ਕਾਲਜ ਲੈ ਗਈ ਹੈ। ਡਾਕਟਰ ਅਜਮੇਰ ਸਿੰਘ ਨੇ ਦੱਸਿਆ ਕਿ ਲਲਿਤ ਨੂੰ 21 ਤਾਰੀਖ਼ ਨੂੰ ਰਾਤ ਕਰੀਬ ਦਸ ਵਜੇ ਲਿਆਂਦਾ ਗਿਆ ਸੀ ਅਤੇ ਉਸ ਸਮੇਂ ਉਸ ਦੀ ਹਾਲਤ ਠੀਕ ਨਹੀਂ ਸੀ, ਬਹੁਤ ਜ਼ਿਆਦਾ ਖ਼ੂਨ ਵਹਿ ਗਿਆ ਸੀ ਅਤੇ ਅਸੀਂ ਉਸ ਦੀ ਸਰਜਰੀ ਲਈ ਚਾਰ-ਪੰਜ ਘੰਟੇ ਦਾ ਸਮਾਂ ਲਗਾ ਕੇ ਬਾਹਰ ਕੱਢਿਆ। ਇਕ ਗੋਲ਼ੀ ਅਜੇ ਵੀ ਅੰਦਰ ਸੀ, ਜੋਕਿ ਅਜੇ ਵੀ ਅੰਦਰ ਹੈ ਅਤੇ ਅਸੀਂ ਲਾਸ਼ ਨੂੰ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ ਅਤੇ ਪੇਟ ਵਿਚੋਂ ਨਿਕਲੀ ਗੋਲ਼ੀ ਵੀ ਪੁਲਸ ਨੂੰ ਦੇ ਦਿੱਤੀ ਗਈ ਹੈ।

# ਸ੍ਰੀ ਹਰਿਮੰਦਰ ਸਾਹਿਬ ਵਿਖੇ ਯੋਗ ਕਰਨ ਵਾਲੀ ਕੁੜੀ ਨੂੰ ਕੇਸ ਦਰਜ ਹੋਣ ਮਗਰੋਂ ਗੁਜਰਾਤ ਪੁਲਿਸ ਨੇ ਸੁਰੱਖਿਆ ਮੁਹੱਈਆ ਕਰਵਾਈ

**ਅੰਮ੍ਰਿਤਸਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਯੋਗ ਆਸਨ ਕਰਨ ਵਾਲੀ ਕੁੜੀ ਖ਼ਿਲਾਫ਼ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਮਾਮਲਾ ਦਰਜ ਕਰ ਲਿਆ ਗਿਆ। ਅੰਮ੍ਰਿਤਸਰ ਪੁਲਸ ਨੇ ਅਰਚਨਾ ਮਕਵਾਨਾ ਦੇ ਖ਼ਿਲਾਫ਼ ਧਾਰਾ 295ਏ ਤਹਿਤ FIR ਦਰਜ ਕੀਤੀ ਗਈ ਹੈ। ਇਸ ਮਾਮਲੇ ਵਿਚ ਹੁਣ



ਇਕ ਨਵਾਂ ਮੋੜ ਆ ਗਿਆ ਹੈ। ਗੁਜਰਾਤ ਪੁਲਸ ਵੱਲੋਂ ਅਰਚਨਾ ਨੂੰ ਸੁਰੱਖਿਆ ਦੇ ਦਿੱਤੀ ਗਈ ਹੈ। ਅਰਚਨਾ ਨੇ ਖ਼ੁਦ ਉਸ ਦੀ ਜਾਣਕਾਰੀ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਹੈ। ਅਰਚਨਾ ਮਕਵਾਨਾ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਸਾਂਝੀ ਕਰਦਿਆਂ ਵਡੋਦਰਾ ਅਤੇ ਗੁਜਰਾਤ ਪੁਲਸ ਦਾ ਉਸ ਨੂੰ ਸੁਰੱਖਿਆ ਮੁਹੱਈਆ ਕਰਵਾਉਣ ਲਈ ਧੰਨਵਾਦ ਕੀਤਾ ਹੈ। ਉਸ ਨੇ ਕਿਹਾ ਕਿ ਉਸ ਨੇ ਸੁਰੱਖਿਆ ਲਈ ਅਪੀਲ ਵੀ ਨਹੀਂ ਕੀਤੀ ਸੀ, ਫ਼ਿਰ ਵੀ ਫ਼ੌਰੀ ਐਕਸ਼ਨ ਲੈਂਦਿਆਂ ਉਸ ਨੂੰ ਸੁਰੱਖਿਆ ਮੁਹੱਈਆ ਕਰਵਾਈ ਹੈ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਪੂਰੀ ਤਰ੍ਹਾਂ ਸੁਰੱਖਿਅਤ ਹੈ। ਬੀਤੇ ਦਿਨੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਇਕ ਕੁੜੀ ਵੱਲੋਂ ਪਰਿਕਰਮਾ ਅੰਦਰ ਯੋਗ ਆਸਨ ਕਰਕੇ ਇਸ ਦੀ ਤਸਵੀਰ ਆਪਣੇ ਸੋਸ਼ਲ ਮੀਡੀਆ ਜ਼ਰੀਏ ਫੈਲਾਉਣ ਦਾ ਸਖ਼ਤ ਨੋਟਿਸ ਲੈਂਦਿਆਂ ਉਸ ਵਿਰੁੱਧ ਕਾਰਵਾਈ ਵਾਸਤੇ ਪੁਲਸ ਕਮਿਸ਼ਨਰ ਨੂੰ ਸ਼ਿਕਾਇਤ ਭੇਜੀ ਸੀ। ਸ਼੍ਰੋਮਣੀ ਕਮੇਟੀ ਐਡਵੋਕੇਟ ਧਾਮੀ ਨੇ ਕਿਹਾ ਕਿ ਕਿਸੇ ਨੂੰ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਮਤਿ ਵਿਰੁੱਧ ਹਰਕਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਪਰ ਕੁਝ ਲੋਕ ਜਾਣਬੁੱਝ ਕੇ ਇਸ ਪਾਵਨ ਅਸਥਾਨ ਦੀ ਪਵਿੱਤਰਤਾ ਤੇ ਇਤਿਹਾਸਕ ਮਹੱਤਤਾ ਨੂੰ ਨਜ਼ਰਅੰਦਾਜ਼ ਕਰਵ ਕੇ ਕੋਝੀਆਂ ਹਰਕਤਾਂ ਕਰਦੇ ਹਨ। ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਇਕ ਕੁੜੀ ਵੱਲੋਂ ਕੀਤੀ ਗਈ ਹਰਕਤ ਨਾਲ ਸਿੱਖ ਭਾਵਨਾਵਾਂ ਅਤੇ ਮਰਿਆਦਾ ਨੂੰ ਠੇਸ ਪੁੱਜੀ ਹੈ, ਇਸ ਲਈ ਪੁਲਸ ਨੂੰ ਕਾਰਵਾਈ ਲਈ ਲਿਖਿਆ ਗਿਆ ਹੈ। ਐਡਵੋਕੇਟ ਧਾਮੀ ਨੇ ਸੰਗਤ ਨੂੰ ਅਪੀਲ ਕੀਤੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪ੍ਰਤੀ ਸਮੁੱਚੇ ਸਿੱਖ ਜਗਤ ਅੰਦਰ ਵੱਡਾ ਸਤਿਕਾਰ ਹੈ ਅਤੇ ਇਸ ਦੇ ਨਾਲ ਹੀ ਦੇਸ਼-ਦੁਨੀਆ ਦੇ ਹਰ ਧਰਮ ਤੇ ਵਰਗ ਨਾਲ ਸਬੰਧਤ ਸ਼ਰਧਾਲੂ ਇੱਥੇ ਸ਼ਰਧਾ ਨਾਲ ਨਤਮਸਤਕ ਹੋਣ ਲਈ ਪੁੱਜਦੇ ਹਨ, ਜਿਸ ਨੂੰ ਵੇਖਦਿਆਂ ਇੱਥੋਂ ਦੀ ਮਰਿਆਦਾ ਦਾ ਜ਼ਰੂਰ ਖਿਆਲ ਰੱਖਿਆ ਜਾਵੇ। ਬੀਤੇ ਦਿਨੀਂ ਉਕਤ ਕੁੜੀ ਅਰਚਨਾ ਮਕਵਾਨਾ ਵੱਲੋਂ ਸੋਸ਼ਲ ਮੀਡੀਆ 'ਤੇ ਹੀ ਪੋਸਟ ਅਪਲੋਡ ਕਰਕੇ ਆਪਣੀ ਇਸ ਗਲਤੀ ਦੀ ਮੁਆਫ਼ੀ ਮੰਗੀ ਸੀ। ਉਸ ਨੇ ਕਿਹਾ ਸੀ ਉਸ ਦਾ ਇਰਾਦਾ ਕਿਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਨਹੀਂ ਸੀ, ਫਿਰ ਵੀ ਜੇ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਤਾਂ ਉਹ ਇਸ ਲਈ ਮੁਆਫ਼ੀ ਮੰਗਦੀ ਹੈ।

## ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਦਰਬਾਰ ਸਾਹਿਬ ਆਉਣ ਵਾਲੀ ਸੰਗਤ ਨਾਲ ਮੁਲਾਕਾਤ ਕਰ ਕੀਤੀ ਖ਼ਾਸ ਅਪੀਲ

**ਅੰਮ੍ਰਿਤਸਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨਾਂ ਲਈ ਆਉਣ ਵਾਲੀਆਂ ਸੰਗਤਾਂ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ



ਮੁਲਾਕਾਤ ਕਰਕੇ ਧਾਰਮਿਕ ਰੀਤੀ ਰਿਵਾਜਾਂ ਸਬੰਧੀ ਗੱਲਬਾਤ ਕੀਤੀ। ਦੱਸਣਯੋਗ ਹੈ ਕਿ ਪਿਛਲੇ ਦਿਨੀ ਇੱਕ ਕੁੜੀ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਵਿੱਚ ਯੋਗਾ ਦਿਵਸ ਤੇ ਯੋਗਾ ਕਰਕੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਸੀ। ਭਾਵੇਂ ਸ਼੍ਰੋਮਣੀ ਕਮੇਟੀ ਨੇ ਉਸ 'ਤੇ ਐੱਫ. ਆਰ. ਆਈ. ਦਰਜ ਕਰਵਾ ਦਿੱਤੀ ਹੈ ਪਰ ਇਸ ਗੱਲ ਨੂੰ ਲੈ ਕੇ ਸਿੱਖਾਂ ਵਿੱਚ ਹਾਲੇ ਵੀ ਬਹੁਤ ਜ਼ਿਆਦਾ ਨਾਰਾਜ਼ਗੀ ਪਾਈ ਜਾ ਰਹੀ ਹੈ। ਅੱਤ ਦੀ ਗਰਮੀ 'ਚ ਘੰਟਿਆਂ ਤੋਂ ਲਾਈਨਾਂ 'ਚ ਖੜੀਆਂ ਸੰਗਤਾਂ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਐੱਸ. ਜੀ. ਪੀ. ਸੀ. ਵੱਲੋਂ ਸੰਗਤਾਂ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਗਿਆਨੀ ਰਘਬੀਰ ਸਿੰਘ ਨੇ ਮੱਥਾ ਟੇਕਣ ਆਉਣ ਵਾਲੀ ਸੰਗਤ ਨੂੰ ਗੁਰੂ ਘਰ ਦੇ ਦਰਸ਼ਨਾਂ ਸਮੇਂ ਮਰਿਆਦਾ ਰੱਖਣ ਦੀ ਅਪੀਲ ਕੀਤੀ ਅਤੇ ਡਿਊਟੀ ਕਰ ਰਹੇ ਮੁਲਾਜ਼ਮਾਂ ਨਾਲ ਸਹਿਯੋਗ ਕਰਨ ਦੀ ਅਪੀਲ ਵੀ ਕੀਤੀ। ਸਿੰਘ ਸਾਹਿਬ ਨੇ ਕਿਹਾ ਕਿ ਗੁਰੂ ਘਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਵੱਲੋਂ ਕਦੇ ਵੀ ਕਿਸੇ ਚੀਜ਼ ਦੀ ਕਮੀ ਸੰਗਤਾਂ ਨੂੰ ਆਉਣ ਨਹੀਂ ਦਿੱਤੀ ਹੈ ਪਰ ਦੂਰੋਂ ਦੂਰੋਂ ਆਉਣ ਵਾਲੀਆਂ ਸੰਗਤਾਂ ਨੂੰ ਵੀ ਇਸ ਸਥਾਨ ਦੀ ਮਾਨਤਾ ਨੂੰ ਦੇਖਦੇ ਹੋਏ ਪੂਰੀ ਮਰਿਆਦਾ ਦਾ ਧਿਆਨ ਰੱਖਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਵਿੱਚ ਚਾਰੋਂ ਪਾਸੇ ਗੁਰਬਾਣੀ ਦੀਆਂ ਸਕਰੀਨਾਂ ਸਵੇਰੇ ਸ਼ਾਮ ਚੱਲਦੀਆਂ ਹਨ ਜਿਸ ਤੋਂ ਸੰਗਤ ਪਰਿਕਰਮਾ ਵਿੱਚ ਬੈਠ ਕੇ ਗੁਰਬਾਣੀ ਦਾ ਸਰਵਣ ਕਰ ਸਕਦੀ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਹੋਰ ਵੀ ਸੰਗਤਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਘਰ ਵਿਖੇ ਸੇਵਾ ਕਰ ਰਹੇ ਸੇਵਾਦਾਰਾਂ ਕੋਲੋਂ ਗੁਰੂ ਸਾਹਿਬ ਦੀ ਮਰਿਆਦਾ ਲਈ ਕਿਸੇ ਵੀ ਤਰ੍ਹਾਂ ਦੀ ਮਦਦ ਲੈ ਸਕਦੇ ਹਨ। ਜੇਕਰ ਕਿਸੇ ਸੇਵਾਦਾਰ ਕੋਲੋਂ ਉਹਨਾਂ ਨੂੰ ਕਿੰਤੂ ਪ੍ਰੰਤੂ ਜਾਂ ਬਿਨਾਂ ਵਜ੍ਹਾ ਤੋਂ ਕਿਸੇ ਤਰ੍ਹਾਂ ਤੰਗ ਪਰੇਸ਼ਾਨ ਕੀਤਾ ਜਾਂਦਾ ਹੈ ਤਾਂ ਉਹ ਸ਼੍ਰੋਮਣੀ ਕਮੇਟੀ ਦਫ਼ਤਰ 'ਚ ਆ ਕੇ ਸੂਚਿਤ ਕਰ ਸਕਦੇ ਹਨ।

## ਹਿੰਦੂਜਾ ਪਰਿਵਾਰ ਇਕ ਦਿਨ 'ਚ ਬਰੀ, ਨੌਕਰਾਂ ਦੇ ਸ਼ੋਸ਼ਣ ਦੇ ਮਾਮਲੇ 'ਚ ਚਾਰ ਮੈਂਬਰਾਂ ਨੂੰ ਸੁਣਾਈ ਸੀ ਜੇਲ੍ਹ ਦੀ ਸਜ਼ਾ

**ਲੰਡਨ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਮੂਲ ਦੇ ਕਾਰੋਬਾਰੀ ਅਤੇ ਬ੍ਰਿਟੇਨ ਦੇ



ਸਭ ਤੋਂ ਅਮੀਰ ਹਿੰਦੂਜਾ ਪਰਿਵਾਰ ਨੂੰ ਸਵਿਟਜ਼ਰਲੈਂਡ ਦੀ ਉੱਚ ਅਦਾਲਤ ਨੇ ਸਾਰੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਹੈ। ਇੱਕ ਦਿਨ ਪਹਿਲਾਂ 21 ਜੂਨ ਨੂੰ ਹੇਠਲੀ ਅਦਾਲਤ ਨੇ ਨੌਕਰਾਂ ਦੇ ਸ਼ੋਸ਼ਣ ਦੇ ਮਾਮਲੇ ਵਿੱਚ ਹਿੰਦੂਜਾ ਪਰਿਵਾਰ ਦੇ ਚਾਰ ਮੈਂਬਰਾਂ ਨੂੰ ਜੇਲ੍ਹ ਦੀ ਸਜ਼ਾ ਸੁਣਾਈ ਸੀ। ਕਾਰੋਬਾਰੀ ਪ੍ਰਕਾਸ਼ ਹਿੰਦੂਜਾ ਅਤੇ ਉਨ੍ਹਾਂ ਦੀ ਪਤਨੀ ਕਮਲ ਹਿੰਦੂਜਾ ਨੂੰ ਸਾਢੇ ਚਾਰ ਸਾਲ ਦੀ ਸਜ਼ਾ ਸੁਣਾਈ ਗਈ ਹੈ। ਜਦੋਂ ਕਿ ਉਸ ਦੇ ਬੇਟੇ ਅਜੈ ਅਤੇ ਨੂੰਹ ਨਮਰਤਾ ਨੂੰ ਚਾਰ ਸਾਲ ਦੀ ਸਜ਼ਾ ਸੁਣਾਈ ਗਈ ਹੈ। ਹਾਲਾਂਕਿ, ਉਸਨੂੰ ਹਿਰਾਸਤ ਵਿੱਚ ਨਹੀਂ ਲਿਆ ਗਿਆ ਸੀ। ਇਸ ਤੋਂ ਬਾਅਦ ਪਰਿਵਾਰ ਨੇ ਇਸ ਫੈਸਲੇ ਨੂੰ ਉਪਰਲੀ ਅਦਾਲਤ ਵਿੱਚ ਚੁਣੌਤੀ ਦਿੱਤੀ। ਹੁਣ ਹਿੰਦੂਜਾ ਪਰਿਵਾਰ ਦੇ ਬੁਲਾਰੇ ਨੇ ਕਿਹਾ ਕਿ ਉਪਰਲੀ ਅਦਾਲਤ ਨੇ ਸਾਰੇ ਗੰਭੀਰ ਦੋਸ਼ਾਂ ਨੂੰ ਰੱਦ ਕਰ ਦਿੱਤਾ ਹੈ। ਬੁਲਾਰੇ ਅਨੁਸਾਰ ਸ਼ਿਕਾਇਤਕਰਤਾਵਾਂ ਨੇ ਸਾਰੇ ਦੋਸ਼ ਵਾਪਸ ਲੈ ਲਏ ਹਨ। ਅਦਾਲਤ ਵਿੱਚ ਗਵਾਹੀ ਦਿੰਦੇ ਹੋਏ, ਉਸਨੇ ਕਿਹਾ, "ਸਾਨੂੰ ਸਮਝ ਵਿੱਚ ਨਹੀਂ ਆਏ ਬਿਆਨਾਂ 'ਤੇ ਹਸਤਾਖਰ ਕਰਨ ਲਈ ਗੁੰਮਰਾਹ ਕੀਤਾ ਗਿਆ। ਸਾਡਾ ਅਜਿਹਾ ਕਰਨ ਦਾ ਕੋਈ ਇਰਾਦਾ ਨਹੀਂ ਸੀ। ਹਿੰਦੂਜਾ ਪਰਿਵਾਰ 'ਤੇ ਆਪਣੇ ਸਵਿਟਜ਼ਰਲੈਂਡ ਵਿਲਾ 'ਚ ਕੰਮ ਕਰਨ ਵਾਲੇ ਲੋਕਾਂ ਦਾ ਸ਼ੋਸ਼ਣ ਕਰਨ ਦਾ ਦੋਸ਼ ਸੀ। ਇਨ੍ਹਾਂ ਵਿੱਚੋਂ ਬਹੁਤੇ ਭਾਰਤ ਦੇ ਅਨਪੜ੍ਹ ਲੋਕ ਸਨ। ਹੇਠਲੀ ਅਦਾਲਤ ਨੇ ਮਨੁੱਖੀ ਤਸਕਰੀ ਦੇ ਦੋਸ਼ਾਂ ਨੂੰ ਖਾਰਜ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਟਾਫ ਨੂੰ ਉਹ ਕੀ ਕਰ ਰਹੇ ਸਨ ਇਸ ਬਾਰੇ ਕਾਫ਼ੀ ਸਮਝ ਸੀ। ਹਿੰਦੂਜਾ ਪਰਿਵਾਰ ਦੇ ਚਾਰੇ ਮੈਂਬਰ ਫੈਸਲੇ ਦੇ ਸਮੇਂ ਅਦਾਲਤ ਵਿੱਚ ਨਹੀਂ ਸਨ। ਹਾਲਾਂਕਿ ਉਸ ਦਾ ਮੈਨੇਜਰ ਅਤੇ 5ਵਾਂ ਦੋਸ਼ੀ ਨਜੀਬ ਜ਼ਿਆਜੀ ਮੌਜੂਦ ਸੀ। ਉਸ ਨੂੰ 18 ਮਹੀਨੇ ਦੀ ਸਜ਼ਾ ਵੀ ਸੁਣਾਈ ਗਈ ਸੀ। ਬੀਬੀਸੀ ਮੁਤਾਬਕ ਹਿੰਦੂਜਾ ਪਰਿਵਾਰ ਨੇ ਪਿਛਲੇ ਹਫ਼ਤੇ ਸ਼ਿਕਾਇਤਕਰਤਾਵਾਂ ਨਾਲ ਸਮਝੌਤਾ ਕਰ ਲਿਆ ਸੀ ਪਰ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਅਦਾਲਤ ਨੇ ਕੇਸ ਜਾਰੀ ਰੱਖਿਆ। ਪ੍ਰਕਾਸ਼ ਹਿੰਦੂਜਾ ਨੂੰ 2007 ਵਿੱਚ ਇਸੇ ਤਰ੍ਹਾਂ ਦੇ ਦੋਸ਼ਾਂ ਵਿੱਚ ਦੋਸ਼ੀ ਪਾਇਆ ਗਿਆ ਸੀ। ਇਸ ਤੋਂ ਬਾਅਦ ਵੀ ਉਹ ਬਿਨਾਂ ਲੋੜੀਂਦੇ ਦਸਤਾਵੇਜ਼ਾਂ ਦੇ ਸਟਾਫ ਦੀ ਭਰਤੀ ਕਰਦਾ ਰਿਹਾ। ਸਜ਼ਾ ਸੁਣਾਏ ਜਾਣ ਤੋਂ ਪਹਿਲਾਂ ਹੀ ਸਵਿਸ ਅਧਿਕਾਰੀਆਂ ਨੇ ਹਿੰਦੂਜਾ ਪਰਿਵਾਰ ਦੀਆਂ ਕਈ ਜਾਇਦਾਦਾਂ ਜ਼ਬਤ ਕਰ ਲਈਆਂ ਸਨ, ਜਿਨ੍ਹਾਂ ਵਿੱਚ ਹੀਰੇ, ਰੂਬੀ ਅਤੇ ਪਲੈਟੀਨਮ ਦੇ ਹਾਰ ਸ਼ਾਮਲ ਸਨ। ਇਹਨਾਂ ਦੀ ਵਰਤੋਂ ਕਾਨੂੰਨੀ ਖਰਚਿਆਂ ਅਤੇ ਜੁਰਮਾਨਿਆਂ ਨੂੰ ਪੂਰਾ ਕਰਨ ਲਈ ਕੀਤੀ ਜਾ ਸਕਦੀ ਹੈ। ਬਲੂਮਬਰਗ ਦੀ ਰਿਪੋਰਟ ਮੁਤਾਬਕ ਹਿੰਦੂਜਾ ਪਰਿਵਾਰ ਖਿਲਾਫ ਮਨੁੱਖੀ ਤਸਕਰੀ ਦੇ ਮਾਮਲੇ ਦੀ ਸੁਣਵਾਈ ਸਵਿਟਜ਼ਰਲੈਂਡ 'ਚ ਸੋਮਵਾਰ (17 ਜੂਨ) ਤੋਂ ਸ਼ੁਰੂ ਹੋ ਗਈ ਸੀ। ਪੀੜਤਾਂ ਵੱਲੋਂ ਪੇਸ਼ ਹੋਏ ਵਕੀਲਾਂ ਨੇ ਅਦਾਲਤ ਨੂੰ ਦੱਸਿਆ ਕਿ ਕਈ ਵਾਰ ਰਸੋਈਏ ਜਾਂ ਘਰੇਲੂ ਸਹਾਇਕਾਂ ਨੂੰ ਘੱਟ ਜਾਂ ਬਿਨਾਂ ਛੁੱਟੀ ਦੇ 15 ਤੋਂ 18 ਘੰਟੇ ਕੰਮ ਕਰਨ ਲਈ ਮਜਬੂਰ ਕੀਤਾ ਜਾਂਦਾ ਹੈ।

## ਮੱਕਾ 'ਚ 100 ਭਾਰਤੀਆਂ ਦੀ ਮੌਤ, ਪਰਤੇ ਸ਼ਰਧਾਲੂਆਂ ਨੇ ਦੱਸੀ ਦੁਰਦਸ਼ਾ ਦੀ ਕਹਾਣੀ, ਮਿਸਰ ਨੇ ਕੀਤੀ ਵੱਡੀ ਕਾਰਵਾਈ

**ਰਿਆਦ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸਾਊਦੀ ਅਰਬ ਵਿੱਚ ਹੱਜ ਦੌਰਾਨ ਇਸ ਸਾਲ ਗਰਮੀ ਨੇ ਭਾਰੀ ਤਬਾਹੀ ਮਚਾਈ। ਇਸ ਸਮੇਂ ਦੌਰਾਨ, 11,00 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਮਿਸਰੀ ਦੇ ਲੋਕ ਸਨ। ਤੇਜ਼ ਗਰਮੀ ਕਾਰਨ ਉਥੇ 100 ਦੇ ਕਰੀਬ ਭਾਰਤੀਆਂ ਦੀ ਵੀ ਮੌਤ ਹੋ ਗਈ। ਹੱਜ ਤੋਂ ਬਾਅਦ ਵਾਪਸ ਪਰਤੇ ਸ਼ਰਧਾਲੂਆਂ ਨੇ ਜਿੱਥੇ ਹੱਜ ਕਰਨ ਦੀ ਇੱਛਾ ਪੂਰੀ ਹੋਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ, ਉੱਥੇ ਹੀ ਹੱਜ ਕਮੇਟੀ ਵੱਲੋਂ ਕੋਈ ਮਦਦ ਨਾ ਮਿਲਣ ਅਤੇ ਮਾੜੇ ਹਾਲਾਤਾਂ 'ਤੇ ਵੀ ਗੁੱਸਾ ਜ਼ਾਹਰ ਕੀਤਾ। ਦੱਸ ਦੇਈਏ ਕਿ ਹੱਜ ਕਰਨ ਤੋਂ ਬਾਅਦ ਪਹਿਲੀ ਫਲਾਈਟ ਵਿੱਚ ਮੱਕਾ ਤੋਂ 377 ਲੋਕ ਵਾਪਸ ਪਰਤੇ ਹਨ। ਵਾਪਸ ਪਰਤੇ ਸ਼ਰਧਾਲੂਆਂ ਨੇ ਦੱਸਿਆ ਕਿ ਮੱਕਾ ਵਿਚ 53 ਡਿਗਰੀ ਤਾਪਮਾਨ ਕਾਰਨ ਲੋਕਾਂ ਦੀ ਹਾਲਤ ਖਰਾਬ ਹੋ ਗਈ ਸੀ। ਹੱਜ ਤੋਂ ਬਾਅਦ ਵਾਪਸ ਪਰਤ ਰਹੇ ਸ਼ਰਧਾਲੂਆਂ ਨੇ ਕਿਹਾ ਕਿ ਮੱਕਾ ਵਿੱਚ ਗਰਮੀ ਕਾਰਨ ਹਾਲਤ ਵਿਗੜ ਗਈ ਸੀ, ਪਰ ਹੁਣ ਵਾਪਸ ਪਰਤ ਕੇ ਚੰਗਾ ਮਹਿਸੂਸ ਹੋ ਰਿਹਾ ਹੈ।




ਇਕ ਯਾਤਰੀ ਨੇ ਦੱਸਿਆ ਕਿ ਗਰਮੀ ਬਹੁਤ ਜ਼ਿਆਦਾ ਸੀ, ਜਿਸ ਕਾਰਨ ਉਨ੍ਹਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਕੁਝ ਲੋਕ ਮਦਦ ਲੈਣ ਦੇ ਯੋਗ ਹੋਏ ਜਦਕਿ ਕੁਝ ਲੋਕਾਂ ਨੂੰ ਮਦਦ ਨਹੀਂ ਮਿਲੀ। ਹੱਜ ਤੋਂ ਪਰਤੇ ਇਕ ਬਜ਼ੁਰਗ ਨੇ ਦੱਸਿਆ ਕਿ ਭਾਵੇਂ ਸਹੂਲਤਾਂ ਦਿੱਤੀਆਂ ਗਈਆਂ ਸਨ ਪਰ ਉਹ ਅੱਤ ਦੀ ਗਰਮੀ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਰੋਕ ਨਹੀਂ ਸਕੇ। ਇਕ ਔਰਤ ਨੇ ਦੱਸਿਆ ਕਿ ਹੱਜ ਤਾਂ ਠੀਕ-ਠਾਕ ਕੀਤਾ ਗਿਆ ਪਰ ਗਰਮੀ ਇੰਨੀ ਜ਼ਿਆਦਾ ਸੀ ਕਿ ਸਾਨੂੰ ਉਪਰੋਂ ਕਿਸੇ ਤਰ੍ਹਾਂ ਦੀ ਮਦਦ ਨਹੀਂ ਮਿਲੀ। ਰਾਹ ਦਿਖਾਉਣ ਵਾਲਾ ਵੀ ਕੋਈ ਨਹੀਂ ਸੀ। ਆਪਣੇ ਪਰਿਵਾਰ ਸਮੇਤ ਪਰਤੇ ਇੱਕ ਵਿਅਕਤੀ ਨੇ ਦੱਸਿਆ ਕਿ ਭਾਰਤ ਤੋਂ ਆਉਣ ਵਾਲੇ ਸ਼ਰਧਾਲੂਆਂ ਨੇ ਵੀ ਸਾਨੂੰ ਕੋਈ ਰਸਤਾ ਨਹੀਂ ਦੱਸਿਆ ਅਤੇ ਰਸਤੇ ਵਿੱਚ ਡਾਇਵਰਸ਼ਨ ਹੋਣ ਦੇ ਬਾਵਜੂਦ ਉੱਥੇ ਪਾਣੀ ਦੀ ਕੋਈ ਸਹੂਲਤ ਨਹੀਂ ਹੈ। ਅਸੀਂ ਲੋਕਾਂ ਨੂੰ ਬੇਹੋਸ਼ੀ ਦੀ ਹਾਲਤ ਵਿਚ ਦੇਖਿਆ, ਪਰ ਪਹਿਲਾਂ ਆਪਣੀ ਜਾਨ ਬਚਾਉਣੀ ਜ਼ਰੂਰੀ ਸੀ। ਸ਼ਰਧਾਲੂਆਂ ਨੇ ਦੱਸਿਆ ਕਿ ਉਹ ਹੱਜ ਕਰਨ ਤੋਂ ਬਾਅਦ ਮੱਕਾ ਤਾਂ ਆ ਗਏ ਪਰ ਗਰਮੀ ਨੇ ਕਈ ਲੋਕਾਂ ਦੀ ਜਾਨ ਲੈ ਲਈ। ਉੱਥੇ ਕੋਈ ਵੀ ਰਸਤਾ ਦਿਖਾਉਣ ਵਾਲਾ ਨਹੀਂ ਸੀ ਅਤੇ ਨਾ ਹੀ ਕਿਸੇ ਕਿਸਮ ਦੀ ਕੋਈ ਮਦਦ ਉਪਲਬਧ ਸੀ। ਹੱਜ ਕਮੇਟੀ ਵੱਲੋਂ ਵੀ ਸ਼ਰਧਾਲੂਆਂ ਨੂੰ ਕੋਈ ਸਹੂਲਤ ਨਹੀਂ ਮਿਲੀ। ਰਿਕਾਰਡ ਦੀ ਗੱਲ ਕਰੀਏ ਤਾਂ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਕੁੱਲ 4 ਹਜ਼ਾਰ ਹੱਜ ਯਾਤਰੀ ਮੱਕਾ ਗਏ ਸਨ। ਮਰਨ ਵਾਲੇ 1100 ਲੋਕਾਂ ਵਿੱਚੋਂ ਸਭ ਤੋਂ ਵੱਧ 658 ਮਿਸਰ ਦੇ ਨਾਗਰਿਕ ਸਨ। ਹਜ ਯਾਤਰਾ 'ਤੇ ਗਏ ਮਿਸਰ ਦੇ ਨਾਗਰਿਕਾਂ ਦੀ ਮੌਤ ਤੋਂ ਬਾਅਦ ਮਿਸਰ ਦੀ ਸਰਕਾਰ ਨੇ ਕਾਰਵਾਈ ਕਰਦੇ ਹੋਏ ਟਰੈਵਲ ਏਜੰਟਾਂ 'ਤੇ ਮੁਕੱਦਮਾ ਚਲਾਉਣ ਦਾ ਐਲਾਨ ਕੀਤਾ ਹੈ। ਮਿਸਰ ਦੀ ਕੈਬਨਿਟ ਨੇ ਇੱਕ ਬਿਆਨ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਨੇ ਇਨ੍ਹਾਂ ਕੰਪਨੀਆਂ ਦੇ ਲਾਇਸੈਂਸ ਰੱਦ ਕਰਨ, ਇਨ੍ਹਾਂ ਦੇ ਪ੍ਰਬੰਧਕਾਂ ਨੂੰ ਸਰਕਾਰੀ ਵਕੀਲ ਕੋਲ ਭੇਜਣ ਅਤੇ ਉਨ੍ਹਾਂ 'ਤੇ ਜੁਰਮਾਨਾ ਲਗਾਉਣ ਦੇ ਹੁਕਮ ਦਿੱਤੇ ਹਨ, ਤਾਂ ਜੋ ਇਨ੍ਹਾਂ ਕਾਰਨ ਮਰਨ ਵਾਲੇ ਸ਼ਰਧਾਲੂਆਂ ਦੇ ਪਰਿਵਾਰਾਂ ਨੂੰ ਲਾਭ ਮਿਲ ਸਕੇ। ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ ਮਿਸਰ ਦੇ ਸ਼ਰਧਾਲੂਆਂ ਦੀਆਂ ਮੌਤਾਂ ਵਿੱਚ ਵਾਧਾ ਇਨ੍ਹਾਂ ਟਰੈਵਲ ਕੰਪਨੀਆਂ ਕਾਰਨ ਹੋਇਆ ਹੈ।

## ਹੁਣ ਪਾਕਿਸਤਾਨੀ ਅਦਾਕਾਰ ਨੇ ਕੀਤਾ ਕੰਗਨਾ ਰਣੌਤ ਨੂੰ ਥੱਪੜ ਜੜ੍ਹਨ ਦਾ ਐਲਾਨ

**ਨਵੀਂ ਦਿੱਲੀ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਏਅਰਪੋਰਟ ਉਪਰ ਕੰਗਨਾ ਰਣੌਤ ਨੂੰ ਮਹਿਲਾ ਸੁਰੱਖਿਆ ਗਾਰਡ ਕੁਲਵਿੰਦਰ ਕੌਰ ਵੱਲੋਂ ਥੱਪੜ ਮਾਰਨ ਦੀ ਚਰਚਾ ਪੂਰੀ ਦੁਨੀਆ ਵਿੱਚ ਚੱਲ ਰਹੀ ਹੈ। ਕੁਝ ਲੋਕ ਇਸ ਦੀ ਮੁਖਾਲਫਤ ਕਰ ਰਹੇ ਹਨ ਤੇ ਕੁਜ ਲੋਕ ਇਸ ਨੂੰ ਸਹੀ ਕਰਾਰ ਦੇ ਰਹੇ ਹਨ। ਹੁਣ ਇੱਕ ਹੋਰ ਵੀਡੀਓ ਵਾਇਰਲ ਹੋਈ ਹੈ ਜਿਸ ਵਿੱਚ ਪਾਕਿਸਤਾਨੀ ਅਦਾਕਾਰਾ ਨੌਸ਼ੀਨ ਸ਼ਾਹ ਨੇ ਕੰਗਨਾ ਨੂੰ ਥੱਪੜ ਮਾਰਨ ਦਾ ਐਲਾਨ ਕੀਤਾ ਹੈ। ਦਰਅਸਲ ਲੰਬੇ ਸਮੇਂ ਤੋਂ ਕੰਗਨਾ ਰਣੌਤ ਅਕਸਰ ਆਪਣੇ ਵਿਵਾਦਤ ਬਿਆਨਾਂ ਕਾਰਨ ਚਰਚਾ ਦਾ ਵਿਸ਼ਾ ਬਣਦੀ ਰਹਿੰਦੀ ਹੈ। ਹਾਲ ਹੀ ਵਿੱਚ




ਹੋਈਆਂ ਲੋਕ ਸਭਾ ਚੋਣਾਂ 2024 ਦੌਰਾਨ ਉਸ ਨੇ ਹਿਮਾਚਲ ਪ੍ਰਦੇਸ਼ ਦੇ ਮੰਡੀ ਲੋਕ ਸਭਾ ਹਲਕੇ ਤੋਂ ਚੋਣ ਲੜੀ ਤੇ ਭਾਜਪਾ ਦੀ ਤਰਫੋਂ ਜਿੱਤ ਵੀ ਪ੍ਰਾਪਤ ਕੀਤੀ ਪਰ ਇਸ ਤੋਂ ਤੁਰੰਤ ਬਾਅਦ ਚੰਡੀਗੜ੍ਹ ਏਅਰਪੋਰਟ 'ਤੇ ਮਹਿਲਾ ਕਾਂਸਟੇਬਲ ਨੇ ਉਸ ਨੂੰ ਥੱਪੜ ਜੜ੍ਹ ਦਿੱਤਾ। ਇਸ ਤੋਂ ਬਾਅਦ ਕੰਗਨਾ ਰਣੌਤ ਹੋਰ ਵੀ ਚਰਚਾ ਦਾ ਵਿਸ਼ਾ ਬਣ ਗਈ। ਹੁਣ ਇਸ ਦੌਰਾਨ ਹੀ ਇੱਕ ਵੀਡੀਓ ਵਾਇਰਲ ਹੋ ਰਿਹਾ ਹੈ ਜਿਸ ਵਿੱਚ ਇੱਕ ਪਾਕਿਸਤਾਨੀ ਅਦਾਕਾਰਾ ਕੰਗਨਾ ਰਣੌਤ ਨੂੰ ਮਿਲਣ ਤੋਂ ਬਾਅਦ ਦੋ-ਤਿੰਨ ਥੱਪੜ ਜੜ੍ਹਨਾ ਚਾਹੁੰਦੀ ਹੈ। ਦਰਅਸਲ, ਇਸ ਵੀਡੀਓ ਵਿੱਚ ਕੋਈ ਹੋਰ ਨਹੀਂ ਬਲਕਿ ਪਾਕਿਸਤਾਨ ਦੀ ਮਸ਼ਹੂਰ ਅਦਾਕਾਰਾ ਨੌਸ਼ੀਨ ਸ਼ਾਹ ਨਜ਼ਰ ਆ ਰਹੀ ਹੈ ਇਸ ਵਾਇਰਲ ਵੀਡੀਓ ਵਿੱਚ ਨੌਸ਼ੀਨ ਨੂੰ ਇੱਕ ਚੈਟ ਸ਼ੋਅ ਦੌਰਾਨ ਕੰਗਨਾ ਰਣੌਤ ਬਾਰੇ ਗੱਲ ਕਰਦਿਆਂ ਦੇਖਿਆ ਜਾ ਸਕਦਾ ਹੈ। ਜਦੋਂ ਉਸ ਨੂੰ ਪੁੱਛਿਆ ਜਾਂਦਾ ਹੈ ਕਿ ਉਹ ਕਿਸ ਬਾਲੀਵੁੱਡ ਅਦਾਕਾਰ ਜਾਂ ਅਭਿਨੇਤਰੀ ਨੂੰ ਮਿਲਣਾ ਚਾਹੁੰਦੀ ਹੈ ਤਾਂ ਉਸ ਨੇ ਕੰਗਨਾ ਰਣੌਤ ਦਾ ਨਾਮ ਲਿਆ। ਫਿਰ ਉਸ ਨੂੰ ਪੁੱਛਿਆ ਗਿਆ ਕਿ ਉਹ ਕੰਗਨਾ ਨੂੰ ਹੀ ਕਿਉਂ ਮਿਲਣਾ ਚਾਹੁੰਦੀ ਹੈ? ਇਸ ਉਪਰ ਨੌਸ਼ੀਨ ਨੇ ਜਵਾਬ ਦਿੱਤਾ ਕਿ ਉਹ ਕੰਗਨਾ ਰਣੌਤ ਨੂੰ ਦੋ-ਤਿੰਨ ਥੱਪੜ ਜੜ੍ਹਨਾ ਚਾਹੁੰਦੀ ਹੈ ਕਿਉਂਕਿ ਉਹ ਬਿਨਾਂ ਸੋਚੇ ਸਮਝੇ ਉਨ੍ਹਾਂ ਦੇ ਦੇਸ਼ ਬਾਰੇ ਕੁਝ ਵੀ ਕਹਿੰਦੀ ਰਹਿੰਦੀ ਹੈ। ਅਦਾਕਾਰਾ ਨੇ ਕਿਹਾ ਕਿ ਜੇਕਰ ਮੈਨੂੰ ਕਦੇ ਮੌਕਾ ਮਿਲਿਆ ਤਾਂ ਮੈਂ ਕੰਗਨ ਨੂੰ ਮਿਲ ਕੇ ਥੱਪੜ ਜੜ੍ਹਾਂਗੀ। ਉਹ ਬਿਨਾ ਮਤਲਬ ਮੇਰੇ ਦੇਸ਼ ਤੇ ਪਾਕਿ ਸੈਨਾ ਬਾਰੇ ਗੱਲਾਂ ਕਰਦੀ ਰਹਿੰਦੀ ਹੈ। ਨੌਸ਼ੀਨ ਅੱਗੇ ਕਹਿੰਦੀ ਹੈ ਕਿ ਇਹ ਕੰਗਨਾ ਰਣੌਤ ਦੀ ਜੁਇਰਤ ਨੂੰ ਸਲਾਮ। ਉਹ ਬਿਨਾਂ ਕਿਸੇ ਜਾਣਕਾਰੀ ਦੇ ਵੀ ਚੰਗੀ ਤਰ੍ਹਾਂ ਬੋਲਣਾ ਜਾਣਦੀ ਹੈ। ਖਾਸ ਗੱਲ ਇਹ ਹੈ ਕਿ ਉਹ ਕਿਸੇ ਹੋਰ ਦੇ ਦੇਸ਼ ਦੀ ਗੱਲ ਕਰਦੀ ਹੈ। ਤੁਹਾਨੂੰ ਆਪਣੇ ਦੇਸ਼ ਜਾਂ ਆਪਣੀ ਅਦਾਕਾਰੀ 'ਤੇ ਧਿਆਨ ਦੇਣਾ ਚਾਹੀਦਾ ਹੈ। ਇਹ ਤੁਹਾਡਾ ਕੰਮ ਹੈ ਤੇ ਤੁਸੀਂ ਆਪਣੀ ਅਦਾਕਾਰੀ ਤੇ ਨਿਰਦੇਸ਼ਨ 'ਤੇ ਧਿਆਨ ਦਿਓ। ਆਪਣੇ ਵਿਵਾਦਾਂ ਤੇ ਆਪਣੇ ਸਾਬਕਾ ਬੁਆਏਫ੍ਰੈਂਡ ਵੱਲ ਵੀ ਧਿਆਨ ਦਿਓ।


Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧਰਮ ਪ੍ਰਚਾਰਕ ਸਦਾ ਸਚੀ ਟਕਸਾਲ ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ — Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 HOURS SERVICE EVERYDAY
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



## ਪੰਜਾਬੀ
### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ, ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ, ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA KHALSA
WAHEGURU JI KI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715 1-28621

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਰੂਕਸੇਤਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ
ਪਹਿਲੇ ਸਿੱਖ ਬਾਦਸਾਹ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ
ਗੁਰਦੁਆਰਾ ਕਿਲਾ ਲੋਹਗੜ ਸਾਹਿਬ ਯਮੁਨਾਨਗਰ ਵਿਖੇ



# ਸਾਲਾਨਾ ਗੁਰਮਤਿ ਸਮਾਗਮ



ਪੰਥ ਸੇਵਕ ਬਾਬਾ ਸੁੱਖਾ ਸਿੰਘ ਜੀ
ਡੇਰਾ ਕਾਰ ਸੇਵਾ ਕਰਨਾਲ ਵਾਲੇ

## ਮਿਤੀ 24 ਜੂਨ 2024 ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ

ਹੇਠ ਲਿਖੇ ਪ੍ਰੋਗਾਰਮ ਅਨੁਸਾਰ ਬੜੀ ਸਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਸਮੂਹ ਸੰਗਤਾ ਨੂੰ ਬੇਨਤੀ ਹੈ ਕਿ ਇਸ ਗੁਰਮਤਿ ਸਮਾਗਮ ਵਿੱਚ ਹੁੰਮ-ਹੁੰਮਾਂ ਕੇ ਪੁੱਜਣ ਦੀ ਕਿਰਪਾਲਤਾ ਕਰਨੀ ਜੀ।

| ਆਰੰਭ ਸ੍ਰੀ ਅਖੰਡਪਾਠ ਸਾਹਿਬ | ਭੋਗ ਸ੍ਰੀ ਅਖੰਡਪਾਠ ਸਾਹਿਬ |
|---|---|
| 22 ਜੂਨ 2024 | 24 ਜੂਨ 2024 |
| ਸਨੀਵਾਰ, ਸਵੇਰੇ 10 ਵਜੇ | ਸੋਮਵਾਰ, ਸਵੇਰੇ 09 ਵਜੇ |

### ਪੁੱਜ ਰਹੇ ਜੱਥੇ



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ ਹਰਿਆਣਾ ਸਿੱਖ ਗੁ:ਪ੍ਰਬੰਧਕ ਕਮੇਟੀ



ਸ.ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿ; ਸਿੱਖ:ਗੁ:ਪ੍ਰ:ਕਮੇਟੀ



ਸ. ਹਰਬੰਸ ਸਿੰਘ ਕੜਕੋਲੀ
ਮੈਂਬਰ ਹਰਿ; ਸਿੱਖ:ਗੁ:ਪ੍ਰ:ਕਮੇਟੀ



ਭਾਈ ਗੁਰਸੇਵਕ ਸਿੰਘ ਰੰਗੀਲਾ
ਹਜੂਰੀ ਰਾਗੀ ਜਥਾ ਗੁਰਦੁਆਰਾ
ਦਾਦੂ ਸਾਹਿਬ (ਸਿਰਸਾ)



ਢਾਡੀ ਜੱਥਾ ਗੁਰਸੇਵਕ ਸਿੰਘ ਚਮਕਾਰਾ
ਹਰਿ ਸਿੱਖ:ਗੁ:ਪ੍ਰ:ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁ:ਪ੍ਰਬੰਧਕ ਕਮੇਟੀ

ਬੇਨਤੀ ਕਰਤਾ:- ਸਕੱਤਰ ਧਰਮ ਪ੍ਰਚਾਰ ਕਮੇਟੀ ਮੈਨੇਜਰ ਗੁ:ਸਾਹਿਬ ਪਾ:ਦਸਵੀਂ ਨਾਢਾ ਸਾਹਿਬ ਮੋ:8725008018

---

ਸ੍ਰੀ ਅਕਾਲ ਸਹਾਇ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ 2024

ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ ਵਿਖੇ ਮਿਤੀ- 26 ਮਈ ਤੋਂ 29 ਜੂਨ 2024 ਤੱਕ
ਰੋਜ਼ਾਨਾ ਸ਼ਾਮ 04:00 ਤੋਂ 07:00 ਵਜੇ ਤੱਕ

ਇਸ ਕੈਂਪ ਦੌਰਾਨ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਸ਼ੁੱਧ ਉਚਾਰਣ, ਸਿੱਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ, ਕੀਰਤਨ ਸਿਖਲਾਈ ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ ਜਾਵੇਗੀ ।

ਇਸ ਕੈਂਪ ਦੀ ਸਮਾਪਤੀ ਦਾ ਸਮਾਗਮ ਮਿਤੀ- 30 ਜੂਨ 2024 ਨੂੰ ਸਵੇਰੇ 10:00 ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।

ਮਿਤੀ- 30 ਜੂਨ 2024 ਨੂੰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ। ਨੋਟ- ਕਕਾਰ ਮੁਫਤ ਦਿੱਤੇ ਜਾਣਗੇ ਜੀ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਹਰਭਜਨ ਸਿੰਘ ਰਾਠੌਰ
ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਦਰਸ਼ਨ ਸਿੰਘ ਭਿਵਾਨੀ
ਅੰਤ੍ਰਿੰਗ ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ ਹਰਿਅਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਰ ਗੁਰਦੁਆਰਾ ਬੰਗਲਾ ਸਾਹਿਬ ਰੋਹਤਕ (ਹਰਿਆਣਾ)


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦ ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ
(ਸੈਜਲੀ ਸਟਰੀਟ). WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ
ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL
SIKH INSPIRE
40
1984
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਕਾਰਜਕਾਰੀ ਮੁਖੀ ਦਮਦਮੀ ਟਕਸਾਲ ਦੇ ਅਸ਼ੀਰਵਾਰ ਸਦਕਾ
ਆਵਾਜ਼ਿ ਕੌਮ AWAZE QAUM International Newspaper & WEB TV


ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁੱਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਗੁਰਮਤਿ ਸਿਖਲਾਈ ਕੈਂਪ- 2024
ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ
ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ
ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ
ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।
ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।
ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰੁਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

**ਇਹ ਗੁਰਮਤਿ ਕੈਂਪ ਗੁ: ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।**

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ ।
ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

**ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।**

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜ਼ਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ (ਪ੍ਰਧਾਨ H.S.G.M.C.)



ਸ: ਹਰਭਜਨ ਸਿੰਘ ਰਾਠੌਰ ਮੈਂਬਰ H.S.G.M.C. M. 9896003836



ਜ: ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ: 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV







KHALSA FORGE


Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









www.khalsaforge.com





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸ੍ਰੀ ਅਕਾਲ ਸਹਾਇ
ਆਵਾਜ਼ਿ ਕੌਮ AWAZE QAUM International Newspaper & WEB TV
ਗੁਰੂ ਘਰ ਦੇ ਮਹਾਨ ਕੀਰਤਨੀਏ
ਭਾਈ ਭਗਵੰਤ ਸਿੰਘ ਜੀ ਢੀਡਸਾਂ ਵਾਲਿਆਂ ਦੀ
ਅੰਤਿਮ ਅਰਦਾਸ ਸਮਾਗਮ
26 ਜੂਨ ਦਿਨ ਬੁੱਧਵਾਰ 2024 ਸਮਾਂ: ਸਵੇਰੇ 10 ਵਜੇ ਤੋਂ 1 ਵਜੇ ਤੱਕ
ਸਥਾਨ:ਗੁ:ਡੇਰਾ ਬਾਬਾ ਰੱਬ ਜੀ ਪਿੰਡ ਆਲਮਪੁਰ ਨੇੜੇ ਕੌਲੀ ਪਟਿਆਲਾ
ਪਹੁੰਚਣ ਦੀ ਲੋਕੇਸ਼ਨ
ਬੇਨਤੀ ਕਰਤਾ - ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਸਮੂਹ ਸੰਤ ਸਮਾਜ ਪ੍ਰੀਵਾਰ ਅਤੇ ਸਾਥੀ ਸਿੰਘ
LIVE
You Tube
KHALSA RADIO
ਢੀਂਡਸਾ ਵਾਲੇ
As KHALSA ਗੁਰਮਤਿ TV
NSK TV

### ਤਖਤ ਸ੍ਰੀ ਦਮਦਮਾ ਸਾਹਿਬ ਵਿਖੇ

# ਸ਼ਰਧਾ ਨਾਲ ਮਨਾਇਆ ਗਿਆ ਗੁਰੂ ਹਰਗੋਬਿੰਦ ਸਾਹਿਬ ਦਾ ਪ੍ਰਕਾਸ਼ ਦਿਹਾੜਾ





ਤਲਵੰਡੀ ਸਾਬੋ, 22 ਜੂਨ (ਗੁਰਜੰਟ ਸਿੰਘ ਨਥੇਹਾ)- ਮੀਰੀ ਪੀਰੀ ਦੇ ਮਾਲਿਕ, ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸਮੁੱਚੇ ਸਿੱਖ ਜਗਤ ਵਾਂਗ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾਪੂਰਬਕ ਮਨਾਇਆ ਗਿਆ। ਅੱਜ ਤਖਤ ਸਾਹਿਬ ਦੇ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਵਿਖੇ ਸਭ ਤੋਂ ਪਹਿਲਾਂ ਬੀਤੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਤਖਤ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੇ ਅਰਦਾਸ ਕੀਤੀ ਅਰਦਾਸ ਤੋਂ ਬਾਅਦ ਵੱਡੀ ਗਿਣਤੀ ਚ ਇਕੱਤਰ ਸੰਗਤਾਂ ਨੂੰ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਇਤਿਹਾਸ, ਉਨਾਂ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੀ ਸਥਾਪਨਾ, ਮੀਰੀ ਅਤੇ ਪੀਰੀ ਦੀਆਂ ਕ੍ਰਿਪਾਨਾਂ ਧਾਰਣ ਕਰਨ ਦੇ ਸਮੁੱਚੇ ਵਿਰਤਾਂਤ ਤੋਂ ਜਾਣੂੰ ਕਰਵਾਉਂਦਿਆਂ ਸੰਗਤਾਂ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਅਪੀਲ ਕੀਤੀ ਗਈ ਕਿ ਉਹ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ ਤੇ ਚਲਦਿਆਂ ਅਜੋਕੇ ਸਮੇਂ ਵਿੱਚ ਵਾਤਾਵਰਨ ਚ ਹੋ ਰਹੀਆਂ ਭਿਆਨਕ ਤਬਦੀਲੀਆਂ ਨੂੰ ਦੇਖਦਿਆਂ ਰੁੱਖ ਲਗਾਉਣ ਅਤੇ ਪਾਣੀ ਨੂੰ ਬਚਾਉਣ ਦੇ ਉਪਰਾਲੇ ਕਰਨ। ਉਕਤ ਧਾਰਮਿਕ ਸਮਾਗਮ ਵਿੱਚ ਤਖਤ ਸਾਹਿਬ ਦੇ ਮੀਤ ਮੈਨੇਜ਼ਰ ਭਾਈ ਗੁਰਸੇਵਕ ਸਿੰਘ ਕਿੰਗਰਾ ਅਤੇ ਗੁਰਦੇਵ ਸਿੰਘ ਸੰਧੂ, ਭੁਪਿੰਦਰ ਸਿੰਘ ਲਹਿਰੀ, ਅਕਾਲੀ ਆਗੂ ਠਾਣਾ ਸਿੰਘ ਚੱਠਾ, ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਮੈਂਬਰਾਨ ਅਤੇ ਜੁਗਰਾਜ ਸਿੰਘ ਜੇ.ਈ ਆਦਿ ਮੌਜੂਦ ਦਿਖਾਈ ਦਿੱਤੇ।

### ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪਰਿਵਾਰ ਸਮੇਤ ਹੋਏ ਨਤਮਸਤਕ

# ਸਰਬੱਤ ਦੇ ਭਲੇ ਲਈ ਕੀਤੀ ਅਰਦਾਸ





ਤਲਵੰਡੀ ਸਾਬੋ, 22 ਜੂਨ (ਗੁਰਜੰਟ ਸਿੰਘ ਨਥੇਹਾ)- ਕੈਬਨਿਟ ਮੰਤਰੀ ਸ਼੍ਰੀਮਤੀ ਅਨਮੋਲ ਗਗਨ ਮਾਨ ਅੱਜ ਇਤਹਾਸਿਕ ਨਗਰੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਆਪਣੇ ਪਰਿਵਾਰ ਸਮੇਤ ਨਤਮਸਤਕ ਹੋਏ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ਼੍ਰੀਮਤੀ ਅਨਮੋਲ ਗਗਨ ਮਾਨ ਵਲੋਂ ਗੁਰੂ ਸਾਹਿਬਾਨਾਂ ਦੀਆਂ ਇਤਿਹਾਸਕ ਨਿਸ਼ਾਨੀਆਂ ਨੂੰ ਸਿਜਦਾ ਕੀਤਾ ਗਿਆ। ਇਸ ਮੌਕੇ ਤਖ਼ਤ ਸ਼੍ਰੀ ਦਮਦਮਾ ਦੇ ਮੈਨੇਜ਼ਰ ਭਾਈ ਰਣਜੀਤ ਸਿੰਘ ਵਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਕੈਬਨਿਟ ਮੰਤਰੀ ਨੇ ਗੁਰੂ ਸਾਹਿਬ ਅੱਗੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਵਾਹਿਗੁਰੂ ਜੀ ਸਭਨਾਂ ਨੂੰ ਤੰਦਰੁਸਤ ਰੱਖੇ ਤੇ ਹਰ ਇੱਕ ਪਰਿਵਾਰ ਦਾ ਘਰ ਖੁਸ਼ੀਆਂ ਖੇੜਿਆ ਨਾਲ ਭਰਪੂਰ ਰਹੇ। ਇਸ ਉਪਰੰਤ ਕੈਬਨਿਟ ਮੰਤਰੀ ਵੱਲੋਂ ਪਰਿਵਾਰ ਸਮੇਤ ਭੋਰਾ ਸਾਹਿਬ ਦੇ ਦਰਸ਼ਨ ਵੀ ਕੀਤੇ ਗਏ। ਮੱਥਾ ਟੇਕਣ ਉਪਰੰਤ ਤਖ਼ਤ ਸ਼੍ਰੀ ਦਮਦਮਾ ਸਾਹਿਬ ਦੇ ਮੈਨੇਜਰ ਭਾਈ ਰਣਜੀਤ ਸਿੰਘ ਵੱਲੋਂ ਵਲੋਂ ਕੈਬਨਿਟ ਮੰਤਰੀ ਸ਼੍ਰੀਮਤੀ ਅਨਮੋਲ ਗਗਨ ਮਾਨ ਨੂੰ ਸਿਰੋਪਾਓ ਦਿੱਤਾ ਗਿਆ ਅਤੇ ਤਖ਼ਤ ਸਾਹਿਬ ਦੀ ਯਾਦਗਾਰ ਤਸਵੀਰ ਵੀ ਭੇਂਟ ਕੀਤੀ ਗਈ। ਇਸ ਮੌਕੇ ਉਪ ਮੰਡਲ ਮੈਜਿਸਟਰੇਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ, ਡੀ.ਐਸ.ਪੀ ਤਲਵੰਡੀ ਸਾਬੋ ਸ਼੍ਰੀ ਰਾਜੇਸ਼ ਸਨੇਹੀ ਆਦਿ ਹਾਜ਼ਰ ਰਹੇ।



# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ 26 ਜੂਨ ਨੂੰ ਫਰੀਦਕੋਟ ਵਿਖੇ ਕੈਬਨਿਟ ਮੰਤਰੀ ਦੇ ਘਰ ਅੱਗੇ ਕਰਨਗੀਆਂ ਰੋਸ ਪ੍ਰਦਰਸ਼ਨ

### ਮਾਮਲਾ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀਆਂ ਸੇਵਾਵਾਂ ਬਹਾਲ ਕਰਵਾਉਣ ਦਾ



ਤਲਵੰਡੀ ਸਾਬੋ, 23 ਜੂਨ (ਗੁਰਜੰਟ ਸਿੰਘ ਨਥੇਹਾ)- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਜੋ ਆਂਗਣਵਾੜੀ ਇੰਪਲਾਈਜ ਫੈਡਰੇਸ਼ਨ ਆਫ ਇੰਡੀਆ ਦੇ ਵੀ ਕੌਮੀ ਪ੍ਰਧਾਨ ਹਨ ਤੇ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਚੱਕ ਕਾਲਾ ਸਿੰਘ ਵਾਲਾ ਵਿਖੇ ਆਂਗਣਵਾੜੀ ਵਰਕਰ ਵਜੋ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ ਦੀਆਂ ਸੇਵਾਵਾਂ ਪੰਜਾਬ ਸਰਕਾਰ ਵੱਲੋਂ ਖਤਮ ਕਰਨ ਤੋਂ ਬਾਅਦ ਸਮੁਚੇ ਪੰਜਾਬ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਿੱਚ ਸਰਕਾਰ ਪ੍ਰਤੀ ਗੁੱਸੇ ਦੀ ਲਹਿਰ ਹੈ ਤੇ ਉਹ ਪੰਜਾਬ ਸਰਕਾਰ ਨਾਲ ਆਰ ਪਾਰ ਦੀ ਲੜਾਈ ਲੜਨ ਲਈ ਤਿਆਰ ਬਰ ਤਿਆਰ ਹਨ। ਯੂਨੀਅਨ ਦੀ ਬਲਾਕ ਪ੍ਰਧਾਨ ਸਤਵੰਤ ਕੌਰ ਤਲਵੰਡੀ ਸਾਬੋ ਨੇ ਦੱਸਿਆ ਕਿ ਵਿਭਾਗ ਦੀ ਮੰਤਰੀ ਡਾ. ਬਲਜੀਤ ਕੌਰ ਦੇ ਫਰੀਦਕੋਟ ਸਥਿਤ ਘਰ ਦਾ ਘਿਰਾਓ 26 ਜੂਨ ਨੂੰ ਕੀਤਾ ਜਾਵੇਗਾ ਤੇ ਹਜ਼ਾਰਾਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਮੰਤਰੀ ਦਾ ਪਿੱਟ ਸਿਆਪਾ ਕਰਨਗੀਆਂ ਜਦੋਂ ਕਿ ਇਸ ਤੋਂ ਬਾਅਦ ਵਿਭਾਗ ਦੇ ਮੁੱਖ ਦਫਤਰ ਚੰਡੀਗੜ ਦਾ ਘਿਰਾਓ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਵਿਭਾਗ ਦੇ ਇਸ ਗੈਰਵਾਜਬ ਕਦਮ ਨਾਲ ਪੰਜਾਬ ਦੀਆਂ ਹਜ਼ਾਰਾਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਅਤੇ ਲੱਖਾਂ ਔਰਤਾਂ ਬੇਚੈਨੀ ਅਤੇ ਗੁੱਸੇ ਦੇ ਆਲਮ ਵਿੱਚ ਹਨ। ਜਿੰਨਾ ਚਿਰ ਹਰਗੋਬਿੰਦ ਕੌਰ ਦੀਆਂ ਸੇਵਾਵਾਂ ਬਹਾਲ ਨਹੀਂ ਕੀਤੀਆਂ ਜਾਂਦੀਆਂ ਉਦੋਂ ਤੱਕ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਟਿਕ ਕੇ ਨਹੀਂ ਬੈਠਣਗੀਆਂ ਤੇ ਪੰਜਾਬ ਸਰਕਾਰ ਦੇ ਨੱਕ ਵਿੱਚ ਦਮ ਕਰ ਦੇਣਗੀਆਂ। ਇਸ ਮੌਕੇ ਵਰਕਰਾਂ ਅਤੇ ਹੈਲਪਰਾਂ ਆਗੂ ਮੌਜੂਦ ਸਨ।

*************************************************************




ਵਾਤਾਵਰਣ ਦੀ ਸੁੱਧਤਾ ਅਤੇ ਕੁਦਰਤ ਨੂੰ ਹਰਾ ਭਰਾ ਬਣਉਣ ਲਈ ਐਸ, ਐਚ, ਉ ਸ, ਗਗਨਦੀਪ ਸਿੰਘ ਢੀਂਡਸਾ ਚੌਕ ਮਹਿਤਾ ਨੇ ਥਾਨਾ ਮਹਿਤਾ ਵਿੱਚ ਪੌਦੇ ਲਗਉਣਦੇ ਹੋਏ ਨਾਲ ਸ, ਗੁਰਮੀਤ ਸਿੰਘ ਮਾਨ ਜਲਾਲ ਉਸਮਾ, ਹਰਜੀਤ ਸਿੰਘ, ਸਰਪੰਚ ਪਰਗਟ ਸਿੰਘ ਚੰਨਣਕੇ, ਖੱਬੇ ਰਾਜਪੂਤਾਂ, ਹਰਜੀਤ ਰੱਖੇ ਸਾਹ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਆਗਿ ਹਾਜ਼ਰ ਸਨ।

ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ( ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


### ਮਜੀਠੀਆ ਸਮੇਤ ਸੰਤਾਂ ਮਹਾਂਪੁਰਸ਼ਾਂ ਨੇ ਭਰੀ ਹਾਜ਼ਰੀ

# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਗੁੰਬਦ ਤੇ ਸੋਨੇ ਦੇ ਕਲਸ਼ ਦੀ ਸੇਵਾ ਸੰਪੂਰਨ

**ਚੌਕ ਮਹਿਤਾ, 23 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਪਾਵਨ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ (ਮੱਤੇਵਾਲ) ਬੋਪਾਰਾਏ ਵਿਖੇ ਅੱਜ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਦੇ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਯੋਗ ਅਗਵਾਈ ਹੇਠ ਸੰਤਾਂ ਮਹਾਂਪੁਰਸ਼ਾਂ ਦੀ ਹਾਜ਼ਰੀ ਵਿੱਚ ਇਲਾਕੇ ਦੀਆਂ ਸੰਗਤਾਂ ਦੇ ਵੱਲੋਂ ਗੁਰਦੁਆਰਾ ਸਾਹਿਬ ਦੀ ਸੁੰਦਰ ਇਮਾਰਤ ਦੇ ਉਪਰ ਸੁਸ਼ੋਬਤ ਗੁੰਬਦ ਤੇ ਸੋਨੇ ਦੇ ਕਲਸ ਦੀ ਸੇਵਾ ਗਈ। ਇਸ ਮੌਕੇ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਸਮੇਤ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਉਚੇਚੇ ਤੌਰ ਤੇ ਇਸ ਸਮਾਗਮ ਵਿੱਚ ਉਚੇਚੇ ਤੌਰ ਤੇ ਪਹੁੰਚੇ।

ਇਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਸੰਤ ਬਾਬਾ ਗੁਰਦੀਪ ਸਿੰਘ ਖਜਾਲਾ ਵਾਲਿਆਂ ਨੇ ਰੱਬੀ ਬਾਣੀ ਦਾ ਇਲਾਹੀ ਕੀਰਤਨ ਕੀਤਾ ਉਪਰੰਤ ਸੰਤ ਬਾਬਾ ਸੱਜਣ ਸਿੰਘ ਜੀ ਨੇ ਆਏ ਸੰਤ ਮਹਾਂਪੁਰਸ਼ ਅਤੇ ਹੋਰ ਸ਼ਖਸ਼ੀਅਤਾਂ ਨੂੰ ਸਿਰਪਾਓ ਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਬਿਕਰਮ ਸਿੰਘ ਮਜੀਠੀਆ ਨੇ ਸਮੂਹ ਸੰਗਤ ਨੂੰ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਦੀ ਵੀ ਵਧਾਈ ਦਿੱਤੀ ਅਤੇ ਆਖਿਆ ਕਿ ਅੱਜ ਪ੍ਰਕਾਸ਼ ਦਿਹਾੜੇ ਮੌਕੇ ਗੁਰਦੁਆਰਾ ਸਾਹਿਬ ਦੇ ਗੁੰਬਦ ਉਪਰ ਸੋਨੇ ਦੇ ਕਲਸ ਦੀ ਸੇਵਾ ਕੀਤੇ ਜਾਣਾ ਬੜੇ ਮਾਣ ਵਾਲੀ ਗੱਲ ਹੈ।



ਸਮਾਗਮ ਦੇ ਅਖੀਰ ਵਿਚ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਨੇ ਸੋਨੇ ਦੇ ਕਲਛ ਦੀ ਸੇਵਾ ਵਿੱਚ ਹਿੱਸਾ ਪਾਉਣ ਵਾਲੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ, ਸੰਤ ਬਾਬਾ ਗੁਰਭੇਜ ਸਿੰਘ ਖਜਾਲਾ, ਸੰਤ ਬਾਬਾ ਗੁਰਦੀਪ ਸਿੰਘ ਖਜਾਲਾ, ਬਾਬਾ ਗੁਰਦੇਵ ਸਿੰਘ ਗੁ. ਡੇਰਾ ਭਗਤਾਂ ਦਾ ਤਰਸਿਕਾ ਵਾਲੇ, ਬਾਬਾ ਚਰਨਜੀਤ ਸਿੰਘ, ਬਾਬਾ ਗੁਰਦਿਆਲ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਜਥੇਦਾਰ ਬੋਹੜ ਸਿੰਘ, ਜਥੇਦਾਰ ਲਬਾਬਾ ਅਜੀਤ ਸਿੰਘ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਜਗੀਰ ਸਿੰਘ, ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ,ਬਾਬਾ ਮੇਜਰ ਸਿੰਘ ਸੋਢੀ ,ਬਾਬਾ ਗੁਰਿੰਦਰ ਸਿੰਘ, ਬਾਬਾ ਵਰਿੰਦਰ ਸਿੰਘ, ਵਰਿੰਦਰ ਮੁਨੀ, ਬਾਬਾ ਸਰਦਾਰਾ ਸਿੰਘ ਬਾਬਾ ਨੰਦ ਜੀ ਬਾਬਾ ਸੁਖਵਿੰਦਰ ਸਿੰਘ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲੇ, ਬਾਬਾ ਬੁੱਧ ਸਿੰਘ ਘੁੰਮਣਾ ਵਾਲੇ, ਬਾਬਾ ਅਮਰੀਕ ਸਿੰਘ ਘੁੰਮਣਾ ਵਾਲੇ, ਬਾਬਾ ਗੁਰਪਿੰਦਰ ਸਿੰਘ,ਤਰਸੇਮ ਸਿੰਘ ਬਾਠ,ਬਾਬਾ ਬੀਰ ਸਿੰਘ ਭੰਗਾਲੀ ਵਾਲੇ, ਬਾਬਾ ਸੁਲੱਖਣ ਸਿੰਘ ਬਾਬਾ ਮਨਮੋਹਨ ਸਿੰਘ ਭੰਗਾਲੀ ਵਾਲੇ, ਬਾਬਾ ਰਾਮ ਮੁਨੀ, ਬਾਬਾ ਸੁਖਵੰਤ ਸਿੰਘ, ਪ੍ਰਿੰਸੀਪਲ ਗੁਰਸੇਵਕ ਸਿੰਘ, ਪ੍ਰਿੰਸੀਪਲ ਪਰਮਵੀਰ ਸਿੰਘ, ਡਾਕਟਰ ਕੁਲਦੀਪ ਸਿੰਘ ਮੱਤੇਵਾਲ , ਮਨਿੰਦਰ ਸਿੰਘ ਮੱਤੇਵਾਲ, ਬਚਿੱਤਰ ਸਿੰਘ ਮੱਤੇਵਾਲ, ਸਤਨਾਮ ਸਿੰਘ ਮੱਟੀ ਤਾਰਪੁਰ, ਸਾਬਕਾ ਸਰਪੰਚ ਸਰਬਜੀਤ ਸਿੰਘ ਤਾਰਪੁਰ, ਨਿੰਦਰ ਸਿੰਘ ਭੋਏ ,ਗੁਰਦੇਵ ਸਿੰਘ ਭੋਏ, ਰਣਜੀਤ ਸਿੰਘ ਰਾਣਾ, ਬਾਬਾ ਰਾਜਾ ਬੁਲਾਰਾ, ਗਿਆਨੀ ਸੁਲੱਖਣ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਕਾਬਲ ਸਿੰਘ ਭੀਲੋਵਾਲ, ਰਾਜਬੀਰ ਸਿੰਘ ਰੰਧਾਵਾ ਉਦੋ ਨੰਗਲ, ਬਾਬਾ ਸੁੱਖਾ ਸਿੰਘ ,ਬਾਬਾ ਜੱਸਾ ਸਿੰਘ ਅਤੇ ਹੋਰ ਸ਼ਖਸ਼ੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

### ਬਾਬਾ ਫ਼ਰੀਦ ਜੀ ਬਲੱਡ ਸੇਵਾ ਸੁਸਾਇਟੀ (ਰਜਿ) ਫ਼ਰੀਦਕੋਟ ਦੇ

# ਵੱਖ-ਵੱਖ ਥਾਂਈ ਹੋਏ ਸਨਮਾਨ







**ਫ਼ਰੀਦਕੋਟ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਬਾਬਾ ਫ਼ਰੀਦ ਜੀ ਬਲੱਡ ਸੇਵਾ ਸੁਸਾਇਟ ( ਰਜਿ) ਫ਼ਰੀਦਕੋਟ ਜੋ ਕਿ ਖ਼ੂਨਦਾਨੀਆਂ ਦੀ ਮੂਹਰਲੀ ਕਤਾਰ ਵਿਚ ਖੜੀ ਹੈ । ਉਸ ਨੂੰ ਕਈ ਸਰਕਾਰੀ ਗੈਰ ਸਰਕਾਰੀ ਸੰਸਥਾਵਾਂ ਵੱਲੋ ਵੱਖ ਵੱਖ ਥਾਂਈ ਸਨਮਾਨਿਤ ਕੀਤਾ ਤੇ ਕੀਤਾ ਜਾ ਰਿਹਾ । ਜਿਸ ਕਰਕੇ ਸੁਸਾਇਟੀ ਦੇ ਅਹੁਦੇਦਾਰ ਤੇ ਮੈਂਬਰ ਸਹਿਬਾਨ ਵੱਲੋ ਖੁਸ਼ੀ ਮਨਾਈ ਜਾ ਰਹੀ।ਇਸ ਦੀ ਜਾਣਕਾਰੀ ਮੀਤ ਪ੍ਰਧਾਨ ਗੁਰਦੇਵ ਸਿੰਘ ਨੇ ਪ੍ਰੈੱਸ ਨਾਲ ਸਾਂਝੀ ਕੀਤੀ।ਪ੍ਰਧਾਨ ਰਾਜਵੀਰ ਸਿੰਘ ਗੋਲੇਵਾਲਾ, ਸਕੱਤਰ ਸੁਖਵੀਰ ਰੱਤੀ ਰੋੜੀ, ਸਲਾਹਕਾਰ ਗੁਰਸੇਵਕ ਸਿੰਘ ਥਾੜਾ , ਸਤਨਾਮ ਸਿੰਘ ਖਜਾਨਚੀ ,ਪ੍ਰੈਸ ਸਕੱਤਰ ਵਿਸ਼ਾਲ, ਸੀਨੀਅਰ ਪ੍ਰੈਸ ਸਕੱਤਰ ਸ਼ਿਵ ਨਾਥ ਜੀ ਦਰਦੀ,ਮਨੈਜਰ ਦਲਜੀਤ ਡੱਲੇਵਾਲਾ, ਐਕਸ. ਪ੍ਰਿੰਸਪੀਲ ਡਾਂ. ਪਰਵਿੰਦਰ ਸਿੰਘ ਸਰਕਾਰੀ ਬ੍ਰਜਿੰਦਰਾ ਕਾਲਜ, ਡਾਂ. ਬਲਜੀਤ ਸ਼ਰਮਾ, ਜਰਮਨ ਗੋਲੇਵਾਲਾ, ਗੁਰਪਿੰਦਰ ਗਿੱਲ,ਅਮ੍ਰਿ ਮਚਾਕੀ, ਰਣਜੀਤ ਸਿੰਘ ਗੋਲੇਵਾਲਾ,ਹੈਰੀ ਕੋਟਸੁਖੀਆ,ਮੋਹਿਤ ਗਹਿਰਾ,ਹੈਰੀ ਮਦੁੱਕੀ, ਹਰਜੀਤ ਮਾਸਟਰ,ਪ੍ਰਿੰਸ ਜੰਗ, ,ਸਾਗਰ ਫਿਰੋਜ਼ਪੁਰ , ਜਸ਼ਨ ਬਾਜਾਖਾਨਾ, ਮੈਨੇਜਰ ਜੱਸੀ ਥਾੜਾ, ਜਸਕਰਨ ਫਿੱਡੇ, ਪਿੰਦਾ ਜਟਾਣਾਂ, ਨਿਰਮਲਜੀਤ ਸਿੰਘ ਸੰਧੂ ਝੋਕ ਮੋਹੜੇ ,ਮਨਜੀਤ ਸਿੰਘ ਫਿਰੋਜ਼ਪੁਰ, ਸਤਵਿੰਦਰ ਬੁੱਗਾ, ਜਸਕਰਨ ਫਿੱਡੇ, ਸੁਖਬੀਰ ਫਿਰੋਜ਼ਪੁਰ ਆਕਾਸ਼ਦੀਪ ਅਬਰੋਲ, ਬਲਵੰਤ ਸਿੰਘ,ਪਾਲਾ, ਰੋਮਾਣਾ, ਬਿੱਲਾਂ ਰੋਮਾਣਾ, ਮਨਜੀਤ, ਸਿੰਘ ਕਾਹਨ ਸਿੰਘ ਵਾਲਾ, ਗੁਰਸ਼ਰਨ ਖਾਰਾ , ਕਾਲਾ ਡੋਡ , ਸੀਰਾ ਥਾੜਾ ਸ਼ਰਮਾ ਫਰੀਦਕੋਟ,ਇੰਦਰਜੀਤ ਹਰੀਕੇ, ,ਭੋਲੂ ਖਾਰਾ, ਸੀਨੀਅਰ ਸਲਾਹਕਾਰ ਕਾਕਾ ਖ਼ਾਰਾਂ , ਡਾ ਭਲਿੰਦਰ ਸਿੰਘ , ਸਟੋਕ ਮੈਨੇਜਰ ਸਵਰਾਜ ਸਿੰਘ,ਸਹਿਜ ਸਿੰਘ, ਹਰਪ੍ਰੀਤ ਢਿਲਵਾਂ, ਸ਼ਰਨਾ ਫਰੀਦਕੋਟ,ਅਰਸ਼ ਕੋਠੇ ਧਾਲੀਵਾਲ,ਲੱਖਾ ਘੁਮਿਆਰਾਂ ,ਹਰਗੁਣ ਆਦਿ ।

# 'ਕਾਸੋ' ਆਪਰੇਸ਼ਨ ਤਹਿਤ ਤਿੰਨ ਕਾਬੂ, ਚਿੱਟਾ ਅਤੇ ਲਾਹਣ ਬਰਾਮਦ



**ਤਲਵੰਡੀ ਸਾਬੋ, 22 ਜੂਨ (ਗੁਰਜੰਟ ਸਿੰਘ ਨਥੇਹਾ)**- ਸਮੁੱਚੇ ਸੂਬੇ ਦੀ ਪੁਲਿਸ ਵਾਂਗ ਤਲਵੰਡੀ ਸਾਬੋ ਪੁਲਸ ਵੱਲੋਂ ਵੀ ਨਸ਼ਾ ਤਸਕਰਾਂ ਵਿਰੁੱਧ ਸ਼ੁਰੂ ਕੀਤੀ ਵਿਸ਼ੇਸ ਮੁਹਿੰਮ 'ਕਾਸੋ' ਤਹਿਤ ਪੁਲਿਸ ਨੂੰ ਉਦੋਂ ਸਫਲਤਾ ਮਿਲੀ ਜਦੋਂ ਪੁਲਿਸ ਨੇ ਤਿੰਨ ਲੋਕਾਂ ਨੂੰ ਚਿੱਟੇ ਅਤੇ ਲਾਹਣ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਪੁਲਸ ਨੇ ਕਥਿਤ ਦੋਸ਼ੀਆਂ ਖਿਲਾਫ ਮਾਮਲਾ ਦਰਜ਼ ਕਰਕੇ ਜਾਂਚ ਆਰੰਭ ਦਿੱਤੀ ਹੈ। ਡੀ.ਐੱਸ.ਪੀ ਤਲਵੰਡੀ ਸਾਬੋ ਰਾਜੇਸ਼ ਸਨੇਹੀ ਅਤੇ ਥਾਣਾ ਮੁਖੀ ਤਲਵੰਡੀ ਸਾਬੋ ਪਰਬਤ ਸਿੰਘ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੇ ਦਿਨ ਜਿਲ੍ਹਾ ਪੁਲਸ ਮੁਖੀ ਬਠਿੰਡਾ ਦੀਪਕ ਪਾਰੀਕ ਦੇ ਦਿਸ਼ਾ ਨਿਰਦੇਸ਼ ਤੇ ਕੀਤੇ ਗਏ 'ਕਾਸੋ' ਆਪਰੇਸ਼ਨ ਦੌਰਾਨ ਪਿੰਡ ਤਿਉਣਾ ਪੁਜਾਰੀਆਂ ਤੋਂ ਪਤੀ ਪਤਨੀ ਨੂੰ 2.25 ਗ੍ਰਾਮ ਚਿੱਟੇ ਸਮੇਤ ਕਾਬੂ ਕੀਤਾ ਹੈ। ਉਹਨਾਂ ਦੱਸਿਆ ਕਿ ਕਥਿਤ ਦੋਸ਼ੀਆਂ ਦੀ ਪਛਾਣ ਸ਼ਮਸ਼ੇਰ ਸਿੰਘ ਅਤੇ ਹਰਪ੍ਰੀਤ ਕੌਰ ਵਾਸੀ ਤਿਉਣਾ ਪੁਜਾਰੀਆਂ ਵਜੋਂ ਹੋਈ ਹੈ, ਜਿਨਾਂ ਖਿਲਾਫ ਥਾਣਾ ਤਲਵੰਡੀ ਸਾਬੋ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਅਧਿਕਾਰੀਆਂ ਮੁਤਾਬਿਕ ਇਸੇ ਤਰ੍ਹਾਂ ਪਿੰਡ ਤਿਉਣਾ ਪੁਜਾਰੀਆਂ ਤੋਂ ਹੀ ਇੱਕ ਵਿਅਕਤੀ ਕੋਲੋਂ 30 ਲੀਟਰ ਲਾਹਣ ਬਰਾਮਦ ਹੋਈ ਹੈ ਉਕਤ ਵਿਅਕਤੀ ਦੀ ਪਛਾਣ ਪਰਮਜੀਤ ਸਿੰਘ ਵਾਸੀ ਤਿਉਣਾ ਪੁਜਾਰੀਆਂ ਵਜੋਂ ਹੋਈ ਹੈ, ਇਸ ਖਿਲਾਫ ਵੀ ਮਾਮਲਾ ਦਰਜ਼ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਡੀ.ਐੱਸ.ਪੀ ਰਾਜੇਸ਼ ਸਨੇਹੀ ਨੇ ਕਿਹਾ ਕਿ ਨਸ਼ਾ ਵੇਚਣ ਵਾਲੇ ਕਿਸੇ ਵੀ ਅਨਸਰ ਨੂੰ ਕਿਸੇ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਜਦੋਂਕਿ ਥਾਣਾ ਮੁਖੀ ਪਰਬਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਵੇਚਣ ਵਾਲੇ ਲੋਕਾਂ ਦੀ ਜਾਣਕਾਰੀ ਪੁਲਿਸ ਨੂੰ ਦਿੱਤੀ ਜਾਵੇ ਤਾਂ ਜੋ ਸਮਾਜ 'ਚੋਂ ਇਸ ਕੋਹੜ ਨੂੰ ਕੱਢਿਆ ਜਾ ਸਕੇ। ਉਨਾਂ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਖਿਲਾਫ ਜਾਣਕਾਰੀ ਦੇਣ ਵਾਲੇ ਦਾ ਨਾਂ ਗੁਪਤ ਰੱਖਿਆ ਜਾਵੇਗਾ।

## ਸੋਸ਼ਲ ਮੀਡੀਆ ਤੇ ਪ੍ਰਕਰਮਾ ਚ ਯੋਗਾ ਕਰਦੀ ਔਰਤ ਦੀ ਵਾਇਰਲ ਹੋਈ ਪੋਸਟ ਨੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਈ ਔਰਤ ਤੇ ਹੋਵੇ ਸਖਤ ਕਾਨੂੰਨੀ ਕਾਰਵਾਈ : ਬਾਬਾ ਬਿਬੇਕ ਸਿੰਘ

**ਜੰਡਿਆਲਾ ਗੁਰੂ, 23 ਜੂਨ ( ਕੁਲਵੰਤ ਸਿੰਘ ਵਿਰਦੀ )**-ਸੋਸ਼ਲ ਮੀਡੀਆ ਤੇ ਯੋਗਾ ਕਰਨ ਵਾਲੀ ਔਰਤ ਦੀ ਪੋਸਟ ਵਾਇਰਲ ਹੋਣ ਨਾਲ ਸਿੱਖ ਸੰਗਤਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ ਬੀਤੇ ਦਿਨ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਰੋਵਰ ਦੇ ਕੰਢੇ ਤੇ ਇਕ ਔਰਤ ਵੱਲੋਂ ਯੋਗਾ ਕਰਕੇ ਕਰੋੜਾਂ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਗਈ ਹੈ ਇਸ ਬੇਅਦਬੀ ਦੀ ਘਟਨਾ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਖ਼ਤ ਨੋਟਿਸ ਲੈਣਾ ਚਾਹੀਦਾ ਹੈ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਅੱਗੇ ਕਿਹਾ ਕਿ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਉਣ ਵਾਲੀਆਂ ਸੰਗਤਾਂ ਨੂੰ ਭਲੀਭਾਂਤ ਸ੍ਰੀ ਦਰਬਾਰ ਸਾਹਿਬ ਜੀ ਦੀ ਮਰਿਆਦਾ ਬਾਰੇ ਪਤਾ ਹੁੰਦਾ ਹੈ ਇਹੋ ਜਿਹੇ ਸ਼ਰਾਰਤੀ ਲੋਕ ਜਾਣਬੁੱਝ ਕੇ ਅਵੇਸਲੇ ਬਣ ਜਾਂਦੇ ਹਨ ਅਤੇ ਜਾਣਬੁੱਝ ਕੇ ਐਸੀਆਂ ਕੋਝੀਆਂ ਹਰਕਤਾਂ ਕਰਕੇ ਸਿੱਖ ਭਾਵਨਾਵਾਂ ਨੂੰ ਭੜਕਾਉਣ ਲਈ ਯਤਨ ਕਰਦੇ ਹਨ ਅੱਗੇ ਉਨ੍ਹਾ ਕਿਹਾ ਕਿ ਇਸ ਘਟਨਾ ਨੂੰ ਅੰਜਾਮ ਦੇਣ ਵਾਲੀ ਔਰਤ ਉਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਵੀ ਕਰਵਾਉਣੀ ਚਾਹੀਦੀ ਹੈ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਪ੍ਰਕਰਮਾ ਵਿੱਚ ਡਿਊਟੀ ਤੇ ਤਾਇਨਾਤ ਸੇਵਾਦਾਰਾਂ ਉਪਰ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਕਾਰਵਾਈ ਕਰਨੀ ਚਾਹੀਦੀ ਹੈ ਕਿਉਂਕਿ ਇਨ੍ਹਾਂ ਦੀ ਡਿਊਟੀ ਇਸੇ ਕੰਮ ਲਈ ਲਗਾਈ ਜਾਂਦੀ ਹੈ ਕਿ ਪ੍ਰਕਰਮਾ ਵਿੱਚ ਕੋਈ ਵੀ ਸ਼ਰਾਰਤੀ ਅਨਸਰ ਕੋਈ ਹਰਕਤ ਨਾ ਕਰੇ।



## ਅਪਰਾਧੀਆਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ: ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ, 23 ਜੂਨ, (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਦੇ ਸਰਾਂਫਾ ਬਾਜ਼ਾਰ ਵਿੱਚ ਐਤਵਾਰ ਸਵੇਰੇ ਇੱਕ ਜਿਊਲਰਜ਼ ਦੀ ਦੁਕਾਨ 'ਤੇ ਵਾਪਰੀ ਲੁੱਟ ਦੀ ਘਟਨਾ ਦਾ ਪੰਜਾਬ ਦੇ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਦੌਰਾ ਕਰਕੇ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਘਟਨਾ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਲੁੱਟ ਦੀ ਘਟਨਾ ਤੋਂ ਪ੍ਰਭਾਵਿਤ ਦੁਕਾਨਦਾਰਾਂ ਅਤੇ ਸਥਾਨਕ ਦੁਕਾਨਦਾਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਉਨ੍ਹਾਂ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਦੋਸ਼ੀਆਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਨੂੰ ਜਲਦ ਤੋਂ ਜਲਦ ਕਾਨੂੰਨ ਦੇ ਸ਼ਿਕੰਜੇ ਵਿੱਚ ਲਿਆਂਦਾ ਜਾਵੇਗਾ। ਇਸ ਦੌਰਾਨ ਪੁਲਿਸ ਅਧਿਕਾਰੀਆਂ ਨੇ ਕੈਬਨਿਟ ਮੰਤਰੀ ਨੂੰ ਘਟਨਾ ਦੀ ਹੁਣ ਤੱਕ ਦੀ ਜਾਂਚ ਅਤੇ ਦੋਸ਼ੀਆਂ ਦੀ ਭਾਲ ਲਈ ਚੁੱਕੇ ਗਏ ਕਦਮਾਂ ਦੀ ਜਾਣਕਾਰੀ ਦਿੱਤੀ। ਕੈਬਨਿਟ ਮੰਤਰੀ ਨੇ ਪੁਲਿਸ ਵਿਭਾਗ ਨੂੰ ਜਾਂਚ ਵਿੱਚ ਤੇਜ਼ੀ ਲਿਆਉਣ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ ਅਤੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰਨ, ਇਸ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਜਨਤਾ ਦੀ ਸੁਰੱਖਿਆ ਲਈ ਹਰ ਸੰਭਵ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰ ਅਜਿਹੀਆਂ ਅਪਰਾਧਿਕ ਗਤੀਵਿਧੀਆਂ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰੇਗੀ ਅਤੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਉਣ ਲਈ ਹਰ ਸੰਭਵ ਕਦਮ ਚੁੱਕੇਗੀ। ਕੈਬਨਿਟ ਮੰਤਰੀ ਨੇ ਵਪਾਰੀਆਂ ਅਤੇ ਜਨਤਾ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸੁਰੱਖਿਆ ਸਰਕਾਰ ਦੀ ਤਰਜੀਹ ਹੈ ਅਤੇ ਬਾਜ਼ਾਰ ਵਿੱਚ ਪੁਲਿਸ ਗਸ਼ਤ ਨੂੰ ਹੋਰ ਸਖ਼ਤ ਕੀਤਾ ਜਾਵੇਗਾ।

### ਗੁਰਦੁਆਰਾ ਸਾਹਿਬ ਪਾਤਸ਼ਾਹੀ 6ਵੀਂ ਤੇ 9ਵੀਂ ਚੀਕਾ ਵਿਖੇ

# ਧੰਨ ਧੰਨ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਮੌਕੇ ਮਹਾਨ ਗੁਰਮਤ ਸਮਾਗਮ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ, ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ ਨੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ






















ਗੁਰਦੁਆਰਾ ਸਾਹਿਬ ਪਾਤਸ਼ਾਹੀ 6ਵੀਂ ਤੇ 9ਵੀਂ ਚੀਕਾ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧੰਨ ਧੰਨ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਦੀਆਂ ਖ਼ੁਸ਼ੀਆਂ ਵਿੱਚ "ਮਹਾਨ ਗੁਰਮਤ ਸਮਾਗਮ" ਅੱਜ ਕੀਤੇ ਗਏ ਜਿਸ ਵਿੱਚ ਪ੍ਰਸਿੱਧ ਕੀਰਤਨੀਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਦਾਦੂ ਸਾਹਿਬ,ਭਾਈ ਗੁਰਪ੍ਰੀਤ ਸਿੰਘ ਹਜ਼ੂਰੀ ਰਾਗੀ ਚੀਕਾ,ਬੀਬੀ ਅੰਮ੍ਰਿਤ ਕੌਰ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਚੀਕਾ,ਬੀਬੀ ਬਲਜਿੰਦਰ ਕੌਰ ਸਾਬਕਾ ਮੈਂਬਰ ਹਰਿਆਣਾ ਕਮੇਟੀ ਨੇ ਰਸਭਿੰਨਾ ਕੀਰਤਨ ਕੀਤਾ,ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ ਨੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਇਸ ਸਮੇਂ ਗਿ: ਸਾਹਿਬ ਸਿੰਘ ਚੱਕੂ ਮੈਂਬਰ,ਭਾਈ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਜਥੇਦਾਰ ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫ਼ਤਰ ਨਾਢਾ ਸਾਹਿਬ,ਰੁਪਿੰਦਰ ਸਿੰਘ ਮੀਤ ਸਕੱਤਰ,ਬਲਜੀਤ ਸਿੰਘ ਪੀਏ,ਗਿ: ਸਰਬਜੀਤ ਸਿੰਘ ਝੀਂਡਾ ਮੁੱਖ ਗ੍ਰੰਥੀ,ਗਿ:ਗੁਰਲਾਲ ਸਿੰਘ,ਭਾਈ ਹਰਕੀਰਤਨ ਸਿੰਘ ਮੈਨੇਜ਼ਰ ਅਤੇ ਹੋਰਨਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ

# ਸੰਤ ਬਾਬਾ ਸੰਤੋਖ ਮੁਨੀ ਜੀ ਦਾ ਸਾਲਾਨਾ ਜੋੜ ਮੇਲਾ ਮਨਾਇਆ ਗਿਆ



**ਜੰਡਿਆਲਾ ਗੁਰੂ, 23 ਜੂਨ ( ਕੁਲਵੰਤ ਸਿੰਘ ਵਿਰਦੀ)**-ਤਪ ਅਸਥਾਨ ਗੁਰਦੁਆਰਾ ਬਾਬਾ ਹੁੰਦਾਲ ਸਾਹਿਬ ਜੀ ਦੇ ਮੁੱਖ ਸੰਚਾਲਕ ਸੰਤ ਬਾਬਾ ਪਰਮਾਨੰਦ ਜੀ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਝੰਗੀ ਸਾਹਿਬ ਵਿਖੇ ਸੰਤ ਬਾਬਾ ਸੰਤੋਖ ਮੁਨੀ ਜੀ ਦੇ ਸਾਲਾਨਾਂ ਜੋੜ ਮੇਲੇ ਨੂੰ ਸਮਰਪਿਤ 21 ਜੂਨ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਬੇਅੰਤ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਗਈ ਅਤੇ ਅਤੇ ਅੱਜ ਮਿਤੀ 23 ਜੂਨ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਦੀਵਾਨ ਹਾਲ ਚ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਗੁਰਦੁਆਰਾ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਜੀ ਜਥੇ ਵੱਲੋਂ ਅਤੇ ਹਜ਼ੂਰੀ ਰਾਗੀ ਭਾਈ ਸਿਮਰਨਜੀਤ ਸਿੰਘ ਜੰਡਿਆਲਾ ਗੁਰੂ ਦੇ ਜਥੇ ਨੇ ਧੁਰ ਬਾਣੀ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਕਵਿਸ਼ਰੀ ਜਥਾ ਭਾਈ ਗੁਰਨਾਮ ਸਿੰਘ ਮੱਲੀਆਂ ਵੱਲੋਂ ਸਮਾਗਮ ਨੂੰ ਸਮਰਪਿਤ ਵਾਰਾਂ ਰਾਹੀ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਇਤਿਹਾਸ ਨਾਲ ਜੋੜਿਆ ਇਸ ਮੌਕੇ ਤੇ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਪ੍ਰਕਾਸ਼ ਸਿੰਘ ਜੀ ਨੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਇਸ ਮੌਕੇ ਤੇ ਸੰਤ ਬਾਬਾ ਪਰਮਾਨੰਦ ਜੀ ਨੇ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ ਇਸ ਮੌਕੇ ਤੇ ਰਿਟਾਇਰ ਡੀਐਸਪੀ ਰਤਨ ਸਿੰਘ ਪੱਖੋਕੇ, ਸਾਬਕਾ ਵਿਧਾਇਕ ਅਜੇਪਾਲ ਸਿੰਘ ਮੀਰਾਂਕੋਟ, ਸੁਪਰਡੈਂਟ ਕੁਲਦੀਪ ਸਿੰਘ ਮੱਲੀ,ਦਲਜਿੰਦਰ ਬੀਰ ਸਿੰਘ ਮੇਜਰ ਸਿੰਘ, ਗੋਪਾਲ ਸਿੰਘ ਜਾਣੀਆਂ, ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਸਵਿੰਦਰ ਸਿੰਘ ਚੰਦੀ ਰਾਜ ਕੁਮਾਰ ਮਲਹੋਤਰਾ, ਕਾਂਗਰਸ ਪਾਰਟੀ ਜਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ,ਰਾ ਜ ਕੁਮਾਰ ਰਾਜੂ, ਦਰਸ਼ਨ ਸਿੰਘ ਜਾਣੀਆਂ, ਰਾਕੇਸ਼ ਕੁਮਾਰ ਰਿੰਪੀ, ਜਸਵੰਤ ਸਿੰਘ ਆਰੇਵਾਲੇ ਜੋਤੀਸਰ, ਭਾਈ ਪ੍ਰਕਾਸ਼ ਸਿੰਘ, ਮਨੇਜਰ ਜਸਜੀਤ ਸਿੰਘ, ਬਲ ਸਿੰਘ ਜਾਣੀਆਂ, ਗੁਰਦੀਪ ਸਿੰਘ ਨੰਗਲ ਦਿਆਲ ਸਿੰਘ, ਬੂਟਾ ਸਿੰਘ ਜਾਣੀਆਂ, ਨਿਸ਼ਾਨ ਸਿੰਘ ਵਿਰਕ,ਅਮਰੀਕ ਸਿੰਘ ਭਲਵਾਨ,ਪਾਲ ਸਿੰਘ ਨੰਬਰਦਾਰ ਅਤੇ ਹੋਰ ਸੇਵਾਦਾਰਾਂ ਵੱਲੋਂ ਸੰਗਤਾਂ ਦੀਆਂ ਸੇਵਾਵਾਂ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਇਸ ਮੌਕੇ ਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਚਾਹ ਪਕੋੜੇ, ਬੂੰਦੀ ਤੇ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ।

### ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਦੇ ਘੱਲੂਘਾਰੇ ਦੇ

# ਸਮੂਹ ਸ਼ਹੀਦਾਂ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਕਰਵਾਇਆ




**ਫਿਰੋਜ਼ਪੁਰ 23 ਜੂਨ (ਮਨੋਹਰ ਲਾਲ)**-ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਧੰਨ ਧੰਲ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਦੀਵਾਨ ਸਜਾਏ ਗਏ। ਇਸ ਮੌਕੇ ਭਾਈ ਇਕਬਾਲ ਸਿੰਘ ਲੰਗੇਆਣਾ ਨੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਹਰਨੇਕ ਸਿੰਘ ਤਬੂੰਵਾਲਾ ਨੇ ਆਪਣੇ ਜਥੇ ਸਮੇਤ ਹਾਜ਼ਰੀ ਭਰੀ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਸ਼ਹੀਦਾਂ ਦੇ ਸਰਤਾਜ ਸ਼ਾਂਤੀ ਦੇ ਪੁੰਜ ਨਿਮਰ ਸੁਭਾਅ ਦੇ ਮਾਲਕ ਅਤੇ ਬਾਣੀ ਦੇ ਬੋਹਿਤ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਜਿਨ੍ਹਾਂ ਤੱਤੀ ਤਵੀ ਤੇ ਬਿਠਾਇਆ ਪਰ ਉਨ੍ਹਾਂ ਦੇ ਮੂੰਹ ਇਕ ਹੀ ਸ਼ਬਦ ਤੇਰਾ ਭਾਣਾ ਮਿੱਠਾ ਲਾਗੇ। ਬਾਬਾ ਜੀ ਨੇ ਅੱਗੇ ਕਿਹਾ ਕਿ ਜਹਾਂਗੀਰ ਨੇ ਗੁਰੂ ਸਾਹਿਬ ਨੂੰ ਯਾਸਾ ਏ ਸਿਆਸਤ ਅਧੀਨ ਸਜਾ ਦਿੱਤੀ, ਜਿਸ ਤੋਂ ਭਾਅ ਤਸੀਹੇ ਦੇ ਕੇ ਮਾਰਨਾ। ਇਸ ਤਰ੍ਹਾਂ ਜਹਾਂਗੀਰ ਦੇ ਹੁਕਮ ਅਨੁਸਾਰ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸ਼ਹੀਦ ਕਰਨ ਸਮੇਂ ਕਈ ਤਰ੍ਹਾਂ ਦੇ ਅਕਹਿ ਤੇ ਅਸਹਿ ਤਸੀਹੇ ਦਿੱਤੇ ਗਏ। ਜਾਲਮਾਂ ਵੱਲੋਂ ਸਖਤ ਗਰਮੀ ਦੇ ਮੌਸਮ ਵਿਚ ਆਪ ਜੀ ਨੂੰ ਉਬਲਦੀ ਦੇਗ ਵਿਚ ਬਿਠਾਇਆ ਗਿਆ ਅਤੇ ਤੱਤੀ ਤਵੀ ਤੇ ਚੋਕੜਾ ਲਵਾਇਆ ਗਿਆ ਅਤੇ ਸੀਸ ਤੇ ਸੜਦੀ ਬਲਦੀ ਰੇਤਾ ਪਾਈ ਗਈ। ਸਭ ਸਰੀਰਕ ਕਸ਼ਟਾਂ ਨੂੰ ਬੜੇ ਸਹਿਜ ਵਿਚ ਸਾੜਿਆ। ਇਸ ਨੂੰ ਕਰਤਾਰ ਦਾ ਭਾਣਾ ਮਨ ਕੇ ਆਪ ਅਡੋਲ ਰਹੇ। ਇਸ ਤਰ੍ਹਾਂ ਅਨੇਕਾਂ ਤਸੀਹੇ ਦੇ ਕੇ ਸੰਨ 1606 ਈ. ਨੂੰ ਆਪ ਜੀ ਨੂੰ ਸ਼ਹੀਦ ਕਰ ਦਿੱਤਾ। ਬਾਬਾ ਜੀ ਨੇ ਅੱਗੇ ਕਿਹਾ ਕਿ ਜੂਨ 1984 ਦੇ ਘੱਲੂਘਾਰੇ ਵਿਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਿਖੇ ਹਿੰਦੂਸਤਾਨ ਦੇ ਹੁਕਮ ਅਨੁਸਾਰ ਭਾਰਤੀ ਫੌਜ਼ ਚਾੜੀ। ਜਿਸ ਟੈਂਕਾਂ ਤੋਪਾ ਨਾਲ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਕਰ ਦਿੱਤਾ, ਗਿ ਵਿਚ ਬੇਦੋਸ਼ੇ ਬਜ਼ੁਰਗ, ਬੱਚੇ, ਨੌਜਵਾਨ ਸ਼ਹੀਦ ਕਰ ਦਿੱਤੇ। ਅਸੀਂ ਉਨ੍ਹਾਂ ਸ਼ਹੀਦਾਂ ਨੂੰ ਪ੍ਰਣਾਮ ਕਰਦੇ ਹਾਂ, ਜਿਨ੍ਹਾਂ ਨੇ ਆਪਣੀ ਜਾਨ, ਕੁਰਬਾਨ ਕੀਤੀਆਂ। ਇਸ ਮੌਕੇ ਤੇ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਜੀ ਦੀਆਂ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈਆਂ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਸੰਗਤਾਂ ਦੀ ਹੱਥੀ ਸੇਵਾ ਕੀਤੀ। ਇਸ ਮੌਕੇ ਤੇ ਬਾਬਾ ਸਤਨਾਮ ਸਿੰਘ ਵੱਲੀਆ ਗੁਰਦੁਆਰਾ ਭਾਈ ਲੱਧਾ ਜੀ, ਭਾਈ ਦਲਜੀਤ ਸਿੰਘ ਚੰਨੀਆਂ, ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ ਭਾਈ ਗੁਰਭੇਜ ਸਿੰਘ ਢਿਲਵਾ, ਭਾਈ ਹਰਪ੍ਰੀਤ ਸਿੰਘ ਢਿਲਵਾ, ਭਾਈ ਹਰਪਾਲ ਸਿੰਘ ਸੋਹਣੇਵਾਲਾ, ਭਾਈ ਜੋਗਿੰਦਰ ਸਿੰਘ ਸ਼ਾਮ ਸਿੰਘ ਵਾਲਾ, ਭਾਈ ਅਵਤਾਰ ਸਿੰਘ ਖੁੰਡਜਾ, ਭਾਈ ਹਰਪ੍ਰੀਤ ਸਿੰਘ ਡੋਡ, ਭਾਈ ਇਕਬਾਲ ਸਿੰਘ ਬਸਤੀ, ਭਾਈ ਗੁਰਦੇਵ ਸਿੰਘ, ਭਾਈ ਪ੍ਰਗਟ ਸਿੰਘ ਗੁਲਾਮੀਵਾਲਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਪਤਵੰਤੇ ਹਾਜ਼ਰ ਸਨ। ਸਟੇਜ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।

# ਸੰਘਾ ਤੇ ਸ਼ਾਹੀ ਪਰਿਵਾਰ ਨੂੰ ਸਦਮਾ

## ਭਾਈ ਜਸਵੀਰ ਸਿੰਘ ਸੰਘਾ ਸਵਰਗਵਾਸ



ਲੰਡਨ, 23 ਜੂਨ (ਆਵਾਜ਼ਿ ਕੌਮ ਬਿਊਰੋ)- ਸੰਘਾ ਤੇ ਸ਼ਾਹੀ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਬੀਤੇ ਦਿਨੀਂ ਭਾਈ ਜਸਵੀਰ ਸਿੰਘ ਸੰਘਾ ਅਕਾਲ ਚਲਾਣਾ ਕਰ ਗਏ। ਇਸ ਮੌਕੇ ਉੱਘੀਆਂ ਪੰਥਕ ਸ਼ਖਸੀਅਤਾਂ ਵੱਲੋਂ ਸੰਘਾ ਤੇ ਸ਼ਾਹੀ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਂਵਾ ਕਰਦਿਆਂ ਕਿਹਾ ਗਿਆ ਕਿ ਭਾਈ ਜਸਵੀਰ ਸਿੰਘ ਸੰਘਾ ਦੀਆਂ ਸਮਾਜ ਸੇਵਾ ਪ੍ਰਤੀ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਇਸ ਦੌਰਾਨ ਭਾਈ ਰਘਵੀਰ ਸਿੰਘ ਵਾਲਸਾਲ ਐਡੀਟਰ-ਇਨ-ਚੀਫ਼ ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ ਤੇ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਅਤੇ ਭਾਈ ਕਪਤਾਨ ਸਿੰਘ (ਇੰਗਲੈਂਡ) ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਨੇ ਸੰਘਾ ਤੇ ਸ਼ਾਹੀ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਪ੍ਰਮਾਤਮਾ ਵਿਛੜੀ ਆਤਮਾ ਨੂੰ ਆਪਣੇ ਪਵਿੱਤਰ ਚਰਨਾਂ 'ਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

# ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋ ਸਰਕਾਰੀ ਵੱਣ ਵਿਭਾਗ ਵਿੱਚੋ ਜੋ ਪੌਦੇ ਫ੍ਰੀ ਲਗਾਉਣ ਲਈ ਸੰਸਥਾਵਾ ਨੂੰ ਦਿੱਤੇ ਜਾਂਦੇ ਸਨ ਦੇ ਵੀ ਮੁੱਲ ਵੇਚਣਾ ਨਿੰਦਣਯੋਗ ਕਾਰਵਾਈ ਹੈ ਸਰਕਾਰ ਇਹ ਫੈਸਲਾ ਵਾਪਸ ਲਵੇ

☛ ਅੰਮ੍ਰਿਤਸਰ ਸਾਹਿਬ ਤੋ ਪੱਤਰਕਾਰ ਇਕਬਾਲ ਸਿੰਘ ਤੁੰਗ ਆਵਾਜਿ ਕੌਮ TV UK ☛ ਪੌਦੇ ਲਗਾ ਸੇਵਾ ਨਿਭਾ ਰਹੇ ਵਾਤਾਵਰਣ ਪ੍ਰੇਮੀਆਂ / ਗੈਰ ਸਰਕਾਰੀ ਸੰਸਥਾਵਾਂ ਨੂੰ ਵਣ ਵਿਭਾਗ ਹੁਣ ਦੇਵੇਗਾ ਮੁੱਲ ਪੌਦੇ



**ਅੰਮ੍ਰਿਤਸਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਤੇਜ਼ੀ ਨਾਲ ਸ਼ਹਿਰੀਕਰਨ ਅਤੇ ਉਦਯੋਗੀਕਰਨ ਲਈ ਰੁੱਖਾਂ/ ਜੰਗਲਾਂ ਦੀ ਕਟਾਈ ਹੋਣ ਨਾਲ ਦੁਨੀਆ ਭਰ ਵਿੱਚ ਜਲ ਵਾਯੂ ਤਬਦੀਲੀ ਹੋ ਰਹੀ ਹੈ ਪੰਜਾਬ ਵਿੱਚ ਵੀ ਤਾਪਮਾਨ ਦਾ ਵਧਣਾ , ਧਰਤੀ ਦੇ ਪਾਣੀ ਦਾ ਹੇਠਾਂ ਜਾਣਾ ਚਿੰਤਾਜਨਕ ਹੁੰਦਾ ਜਾ ਰਿਹਾ ਹੈ । ਭਾਰਤ ਦੀ ਰਾਸ਼ਟਰੀ ਜੰਗਲਾਤ ਨੀਤੀ ਅਨੁਸਾਰ ਵਾਤਾਵਰਨ ਦੀ ਸਥਿਰਤਾ ਨੂੰ ਬਣਾਈ ਰੱਖਣ ਲਈ ਭੂਗੋਲਕ ਖੇਤਰ ਦਾ 33% ਰੁੱਖਾਂ ਦਾ ਹੋਣਾ ਜ਼ਰੂਰੀ ਹੈ ।ਪਰ ਪੰਜਾਬ ਵਿਚ ਇਹ ਸਿਰਫ 4% ਦੇ ਕਰੀਬ ਹੀ ਰਹਿ ਗਿਆ ਹੈ, ਜਿਸ ਨੂੰ ਵਧਾਉਣ ਲਈ ਸਰਕਾਰੀ, ਗੈਰ-ਸਰਕਾਰੀ ਸੰਸਥਾਵਾਂ, ਧਾਰਮਿਕ ਸੰਸਥਾਵਾਂ ਅਤੇ ਹੋਰ ਬਹੁਤ ਸਾਰੇ ਵਾਤਾਵਰਣ ਪ੍ਰੇਮੀ ਯਤਨਸ਼ੀਲ ਹਨ। ਸਾਰੀਆਂ NGOs ਜਨਤਕ ਸਮਰਥਨ ਜੁਟਾਉਣ, ਵਾਤਾਵਰਣ ਸੰਬੰਧੀ ਸਰਕਾਰੀ ਨੀਤੀਆਂ ਦੀ ਵਕਾਲਤ ਕਰਨ, ਜਨਤਕ ਜਾਗਰੂਕਤਾ ਪੈਦਾ ਕਰਨ ਅਤੇ ਆਪਣੇ ਮੈਂਬਰਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਨਾਲ ਕੰਮ ਕਰਦੇ ਹੋਏ ਇਸਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਪਰ ਅੱਜ ਜਦੋਂ ਹਰਿਆਵਲ ਪੰਜਾਬ ਦੀ ਇਕਾਈ " ਏਕ ਪੇੜ ਦੇਸ਼ ਕੇ ਨਾਮ" ਦੇ ਪ੍ਰਧਾਨ ਇੰਜੀ. ਮਨਜੀਤ ਸਿੰਘ ਸੈਣੀ , ਸੀਨੀ. ਮੀਤ ਪ੍ਰਧਾਨ ਸਰਦਾਰ ਇਕਬਾਲ ਸਿੰਘ ਤੁੰਗ , ਹਰਿਆਵਲ ਪੰਜਾਬ ਅੰਮ੍ਰਿਤਸਰ ਦੇ ਸੰਯੋਜਕ ਪ੍ਰੋਫੈਸਰ ਰਾਜੀਵ ਸ਼ਰਮਾ ਅਤੇ ਅੰਮ੍ਰਿਤਸਰ ਹਰਿਆਵਲ ਮੰਚ ਦੇ ਸੀਨੀ. ਮੀਤ ਪ੍ਰਧਾਨ ਸਰਦਾਰ ਨਿਰਮਲ ਸਿੰਘ ਆਨੰਦ ਨੇ ਪੌਦੇ ਪ੍ਰਾਪਤ ਕਰਨ ਲਈ ਜੰਗਲਾਤ ਵਿਭਾਗ ਅੰਮ੍ਰਿਤਸਰ ਨਾਲ ਸੰਪਰਕ ਕੀਤਾ ਤਾਂ ਵਿਭਾਗ ਨੇ ਵਣ ਮੰਤਰੀ ਵੱਲੋਂ ਅਪਣੇ ਯੂ.ਓ. ਨੰ 281-ਫ ਮਿਤੀ 28/05/2024 ਅਤੇ ਮਿਤੀ 11-06-2024 ਇਨਡੋਰਸ ਕੀਤਾ ਪੱਤਰ ਦਿਖਾਇਆ , ਜਿਸ ਅਨੁਸਾਰ ਸਭ ਗੈਰ ਸਰਕਾਰੀ ਸੰਗਠਨ ਅਤੇ ਵਾਤਾਵਰਨ ਪ੍ਰੇਮੀ ਜਨਤਕ ਥਾਵਾਂ ਤੇ ਪੌਦੇ ਲਾਉਣ ਲਈ ਪੱਤਰ ਵਿੱਚ ਦਰਜ ਰਾਸ਼ੀ ਜਮਾਂ ਕਰਵਾ ਹੀ ਪੌਦੇ ਲੈ ਸਕਦੇ ਹਨ ।

ਭਾਂਵੇ ਸੰਗਠਨ ਵਲੋਂ ਉਸ ਸਮੇਂ ਲੋੜੀਦੇਂ ਕੁਝ ਪੌਦੇ ਰਕਮ ਜਮਾਂ ਕਰਵਾ ਲੈ ਲਏ ਗਏ , ਪਰ ਸੰਸਥਾ ਨੇ ਮਹਿਸੂਸ ਕੀਤਾ ਕਿ ਸਰਕਾਰ ਸੱਚੇ ਦਿਲੋਂ ਇਸ ਸੰਕਟ ਨੂੰ ਨਜਿੱਠਣ ਲਈ ਬਹੁਤੀ ਗੰਭੀਰ ਨਹੀਂ ਹੈ । ਸਾਰੇ ਵਾਤਾਵਰਣ ਪ੍ਰੇਮੀ ; ਗੈਰ-ਸਰਕਾਰੀ ਸੰਸਥਾਵਾਂ, ਹੁਣ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਕੇ ਅਤੇ ਆਪਣੇ ਸਾਧਨਾਂ ਦੀ ਵਰਤੋਂ ਕਰਕੇ, ਖਾਦ ਆਦਿ ਖਰੀਦ ਕੇ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਮਦਦ ਕਰ ਰਹੀਆਂ ਹਨ ਅਤੇ ਹੁਣ ਇਸ ਤੋਂ ਇਲਾਵਾ, ਜੇਕਰ ਉਨ੍ਹਾਂ ਨੂੰ 500 ਪੌਦਿਆਂ ਲਈ 15000 ਰੁਪਏ ਸਰਕਾਰ ਨੂੰ ਜਮਾਂ ਕਰਵਾਉਣੇ ਪੈਂਦੇ ਹਨ, ਤਾਂ ਇਹਨਾਂ ਲੋਕਾਂ ਦੀ ਇਸ ਕੰਮ ਪ੍ਰਤੀ ਰੁਚੀ ਘਟੇਗੀ , ਅੰਤ ਵਿੱਚ ਮੌਜੂਦਾ 4% ਦੀ ਬਜਾਏ 33% ਗਰੀਨ ਕਵਰ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਨੁਕਸਾਨ ਹੋਵੇਗਾ ।ਰੁੱਖ ਨਾ ਸਿਰਫ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਕਰਦੇ ਹਨ ਬਲਕਿ ਆਪਣੀਆਂ ਜੜ੍ਹਾਂ ਵਿੱਚ ਬਹੁਤ ਵੱਡਾ ਪਾਣੀ ਵੀ ਸੋਖ ਲੈਂਦੇ ਹਨ ,ਰੁੱਖ ਵਧਾਉਣ ਨਾਲ ਸਤ੍ਹਾ ਦੇ ਪਾਣੀ ਦੇ ਪੱਧਰ ਦੇ ਦਿਨ-ਬ-ਦਿਨ ਗਿਰਾਵਟ ਦੀ ਦਰ ਵਿੱਚ ਸੁਧਾਰ ਹੋ ਸਕਦਾ ਹੈ। ਇਸ ਲਈ ਅਸੀਂ ਸਰਕਾਰ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਬੇਨਤੀ ਕਰਦੇ ਹਾਂ। ਹਰਿਆਵਲ ਪੰਜਾਬ ਦੀ ਟੀਮ ਪੰਜਾਬ ਸਰਕਾਰ ਦੇ ਇਸ ਫੈਸਲੇ ਪੈਸੇ ਲੈ ਕੇ ਪੌਦੇ ਦੇਣ ਦੀ ਨਿੰਦਿਆ ਕਰਦੀ ਹੈ ਸਰਕਾਰ ਰਜਿਸਟਡ ਸੁਸਾਇਟੀਆਂ ਜੋ ਫ੍ਰੀ ਸੇਵਾ ਕਰਦੀਆਂ ਹਨ ਨੂੰ ਪਹਿਲਾ ਵਾਗ ਫ੍ਰੀ ਹੀ ਸਰਕਾਰੀ ਨਰਸਰੀਆ ਤੋ ਪੌਦੇ ਲਗਾਉਣ ਲਈ ਦੇਵੇ ਤਾਂਕਿ ਪੰਜਾਬ ਪੰਜਾਬੀਅਤ ਨੂੰ ਅਉਣ ਵਾਲੇ ਸੰਕਟਮਈ ਮੁਸ਼ਕਲਾ ਤੋ ਬਚਾਇਆ ਜਾ ਸਕੇ। **-ਹਰਿਆਵਲ ਪੰਜਾਬ ਅੰਮ੍ਰਿਤਸਰ ਸਾਹਿਬ**

### ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਤੇ ਭਗਤ ਕਬੀਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਦੀਵਾਨ ਸਜਾਏ ਗਏ

# ਧਰਮ ਪ੍ਰਚਾਰ ਕਮੇਟੀ ਵੱਲੋਂ ਵਿਸ਼ੇਸ਼ ਗੁਰਮਿਤ





ਆਵਾਜ਼ਿ ਕੌਮ AWAZE QAUM International Newspaper & WEB TV

**ਜੰਡਿਆਲਾ ਗੁਰੂ,23 ਜੂਨ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਮੀਰੀ ਪੀਰੀ ਦੇ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਤੇ ਭਗਤ ਕਬੀਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸੰਤਸਰ ਸਾਹਿਬ ਕਲੋਨੀ ਮੱਲੀਆਣਾ ਜੰਡਿਆਲਾ ਗੁਰੂ ਦੀ ਪ੍ਰਬੰਧਕ ਕਮੇਟੀ ਅਤੇ ਮਹੁੱਲਾ ਵਾਸੀਆ ਦੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਇਸ ਗੁਰਮਤਿ ਸਮਾਗਮ ਨੂੰ ਸਮਰਪਿਤ 16 ਜੂਨ ਦਿਨ ਐਤਵਾਰ ਨੂੰ ਬੀਬੀਆਂ ਦੇ ਜੱਥੇ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਦੀ ਆਰੰਭਤਾ ਕੀਤੀ ਗਈ ਅਤੇ 16 ਜੂਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੱਚਿਆਂ ਦੀਆਂ ਗੁਰਮਤਿ ਦੀਆਂ ਕਲਾਸਾਂ ਲਗਾਈਆਂ ਗਈਆਂ ਜਿਸ ਦੀ ਸਮਾਪਤੀ ਬੀਤੀ ਰਾਤ 22 ਜੂਨ ਦਿਨ ਸ਼ਨੀਵਾਰ ਨੂੰ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੀ ਲੜੀ ਦੇ ਭੋਗ ਪਾਏ ਗਏ ਅਤੇ ਸੰਧਿਆ ਦੀ ਸਮਾਪਤੀ ਤੋਂ ਉਪਰੰਤ ਗਿਆਨੀ ਹਰਪ੍ਰੀਤ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ 16 ਜੂਨ ਦਿਨ ਐਤਵਾਰ ਤੋਂ ਚੱਲ ਰਹੇ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ 22 ਜੂਨ ਰਾਤ ਨੂੰ ਹੋਈ ਜਿਸ ਚ 70 ਬੱਚਿਆਂ ਨੇ ਹਿੱਸਾ ਲਿਆ ਧਾਰਮਿਕ ਦੀਵਾਨ ਸਜਾਏ ਗਏ ਇਸ ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਹਰਭਾਲ ਸਿੰਘ ਜੀ ਦੇ ਜਥੇ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਇਸ ਉਪਰੰਤ ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ ਜੀ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਜੀ ਵਾਲਿਆਂ ਵੱਲੋਂ ਕਥਾ ਵਿਚਾਰਾਂ ਦੁਆਰਾ ਗੁਰੂ ਸਾਹਿਬ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਬਾਣੀ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਤ ਕੀਤਾ ਸਮਾਗਮ ਦੀ ਸਮਾਪਤੀ ਉਪਰੰਤ ਹੈੱਡ ਗ੍ਰੰਥੀ ਭਾਈ ਹਰਭਾਲ ਸਿੰਘ ਜੀ ਨੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਇਸ ਮੌਕੇ ਤੇ ਪ੍ਰਚਾਰਕ ਗਿਆਨੀ ਹਰਪ੍ਰੀਤ ਸਿੰਘ ਜੀ ਜੰਡਿਆਲਾ ਗੁਰੂ, ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਰਾਜੂ ਸੱਚਦੇਵਾ, ਹੈੱਡ ਗ੍ਰੰਥੀ ਭਾਈ ਹਰਭਾਲ ਸਿੰਘ ਜੀ,ਕੰਵਲਪ੍ਰੀਤ ਸਿੰਘ ਸੋਨੂੰ ਵਿਰਕ, ਸੁਖਬੀਰ ਸਿੰਘ ਨੇਵੀ ਵਾਲੇ,ਸਤਨਾਮ ਸਿੰਘ ਤਲਾਵਾਂ, ਹਰਪ੍ਰੀਤ ਸਿੰਘ ਚਿੱਬ, ਮਾਸਟਰ ਰਵੇਲ ਸਿੰਘ, ਪ੍ਰਿੰਸੀਪਲ ਜਤਿੰਦਰ ਸਿੰਘ, ਡਾਕਟਰ ਨਿਰਮਲ ਸਿੰਘ, ਸੁਖਜੀਤ ਸਿੰਘ ਸੋਨੂੰ, ਭੁਪਿੰਦਰ ਸਿੰਘ,ਡਾ ਤਜਿੰਦਰ ਸਿੰਘ, ਸਿਰਤਾਜ ਸਿੰਘ ਅਤੇ ਹੋਰ ਸੰਗਤਾਂ ਨੇ ਗੁਰੂ ਘਰ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਇਸ ਮੌਕੇ ਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

## ਜਾਗੋ ਪੇਰੈਂਟਸ ਜਾਗੋ ਵੈਲਫੇਅਰ ਸੋਸਾਇਟੀ ਵੱਲੋਂ ਮੁਫਤ ਸ਼ੂਗਰ ਟੈਸਟ, ਕੋਲੈਸਟ੍ਰੋਲ ਟੈਸਟ ਕੀਤੇ



**ਫਿਰੋਜ਼ਪੁਰ, 23 ਜੂਨ (ਮਨੋਹਰ ਲਾਲ)**-ਜਾਗੋ ਪੇਰੈਂਟਸ ਜਾਗੋ ਵੈਲਫੇਅਰ ਸੋਸਾਇਟੀ ਵੱਲੋਂ ਕ੍ਰਿਸ਼ਨਾ ਡਾਇਗਨੋਸਟਿਕ ਲਿਮਟਿਡ ਦੇ ਸਹਿਯੋਗ ਨਾਲ ਅੱਜ ਸ਼ਾਮ 95 ਦੇ ਕਰੀਬ ਫਿਰੋਜ਼ਪੁਰ ਨਿਵਾਸੀਆਂ ਦੇ ਮੁਫਤ ਸ਼ੂਗਰ ਟੈਸਟ, ਕੋਲੈਸਟ੍ਰੋਲ ਟੈਸਟ ਅਤੇ ਹੋਰ ਟੈਸਟ ਕੀਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਪ੍ਰੇਮ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਡੀ ਸੁਸਾਇਟੀ ਵੱਲੋਂ ਭਵਿੱਖ ਵਿੱਚ ਵੀ ਅਜਿਹੇ ਕਾਰਜਾਂ ਦਾ ਆਯੋਜਨ ਕੀਤਾ ਜਾਂਦਾ ਰਹੇਗਾ। ਇਹ ਕੈਂਪ ਪ੍ਰਧਾਨ ਜਗਨਦੀਪ ਜੌਨੀ ਦੀ ਦੇਖ ਰੇਖ ਵਿਚ ਲਗਾਇਆ ਗਿਆ। ਉਪ ਪ੍ਰਧਾਨ ਪਰਮਿੰਦਰ ਕੁਮਾਰ ਨੇ ਦੱਸਿਆ ਅਸੀ ਅਗਸਤ ਵਿੱਚ ਰੁਖ ਲਗਾਉਣ ਦਾ ਕੰਮ ਵੀ ਕਰਾਂਗੇ। ਇਸ ਮੌਕੇ ਪ੍ਰਤਾਪ ਫ਼ਿਰੋਜ਼ਪੁਰੀਆ, ਸੁਭਾਸ਼ ਕੁਮਾਰ, ਆਨੰਦ ਕਿਸ਼ੋਰ, ਅਸ਼ਵਨੀ ਸ਼ਰਮਾ, ਹਰੀ ਰਾਮ ਖਿੰਦੜੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਥਾਣਾ ਸੁਲਤਾਨਵਿੰਡ ਦੇ ਐੱਸ ਐਚ ਓ ਵੱਲੋਂ 100 ਗ੍ਰਾਮ ਹੈਰੋਇਨ ਅਤੇ ਪਿਸਟਲ ਸਮੇਤ 01 ਦੋਸ਼ੀ ਨੂੰ ਕੀਤਾ ਕਾਬੂ

**ਅੰਮ੍ਰਿਤਸਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਕਮਿਸ਼ਨਰ ਪੁਲਿਸ, ਅੰਮ੍ਰਿਤਸਰ, ਸ੍ਰੀ ਰਣਜੀਤ ਸਿੰਘ ਢਿੱਲੋਂ ਆਈ.ਪੀ.ਐਸ ਜੀ ਦੀਆਂ ਹਦਾਇਤਾਂ ਤੇ ਡਾ. ਦਰਪਣ ਆਹਲੂਵਾਲੀਆ, ਆਈ.ਪੀ.ਐਸ, ਵਧੀਕ ਡਿਪਟੀ ਕਮਿਸ਼ਨਰ ਸਿਟੀ-01, ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਤੇ ਸ਼੍ਰੀ ਮਨਿੰਦਰਪਾਲ ਸਿੰਘ ਪੀ.ਪੀ.ਐਸ, ਸਹਾਇਕ ਕਮਿਸ਼ਨਰ ਪੁਲਿਸ, ਦੱਖਣੀ, ਅੰਮ੍ਰਿਤਸਰ ਦੀ ਨਿਗਰਾਨੀ ਹੇਠ ਅਤੇ ਸਬ ਇੰਸਪੈਕਟਰ ਜਸਬੀਰ ਸਿੰਘ, ਮੁੱਖ ਅਫਸਰ ਥਾਣਾ ਸੁਲਤਾਨਵਿੰਡ, ਅੰਮ੍ਰਿਤਸਰ ਦੀ ਪੁਲਿਸ ਪਾਰਟੀ ਐਸ.ਆਈ



ਸਲਵਿੰਦਰ ਸਿੰਘ ਵੱਲੋ ਸਮੇਤ ਸਾਥੀ ਕਰਮਚਾਰੀਆਂ ਵਲੋ ਫਲੈਟਾਂ ਵਾਲਾ ਮੋੜ ਸੁਲਤਾਨਵਿੰਡ ਦੇ ਖੇਤਰ ਤੋਂ ਗੁਰਮੁੱਖ ਸਿੰਘ ਉਰਫ ਬੋਬੀ ਪੁੱਤਰ ਸਤਨਾਮ ਸਿੰਘ ਵਾਸੀ ਪੱਤੀ ਮਲਕੋ ਦੀ, ਪਿੰਡ ਸੁਲਤਾਨਵਿੰਡ, ਅੰਮ੍ਰਿਤਸਰ ਨੂੰ ਕਾਬੂ ਕਰਕੇ ਇਸ ਪਾਸੋ 100 ਗਰਾਮ ਹੈਰੋਇਨ ਸਮੇਤ ਇੱਕ ਛੋਟਾ ਇਲੈਕਟਰੋਨਿਕ ਕੰਡਾ ਬ੍ਰਾਮਦ ਹੋਣ ਤੇ ਉਕਤ ਮੁੱਕਦਮਾ ਦਰਜ ਰਜਿਸਟਰ ਕੀਤਾ । ਦੋਰਾਨੇ ਤਫਤੀਸ਼ ਗੁਰਮੁੱਖ ਸਿੰਘ ਉਰਫ ਬੋਬੀ ਦੀ ਨਿਸ਼ਾਨਦੇਹੀ ਤੇ 01 ਪਿਸਟਲ ਸਮੇਤ 03 ਰੋਂਦ ਬ੍ਰਾਮਦ ਕੀਤੇ । ਗ੍ਰਿਫ਼ਤਾਰ ਦੋਸ਼ੀ ਦੇ ਫਾਰਵਰਡ ਤੇ ਬੈਕਵਰਡ ਲਿੰਕ ਬਾਰੇ ਪਤਾ ਕੀਤਾ ਜਾ ਰਿਹਾ ਹੈ।

### ਸ਼ੰਭੂ ਬਾਰਡਰ ’ਤੇ ਡਟੇ ਕਿਸਾਨਾਂ ਦਾ ਦੋਸ਼

# ‘ਭਾਜਪਾ ਦੇ ਗੁੰਡਿਆਂ ਨੇ ਕੀਤਾ ਹਮਲਾ, ਸਟੇਜ ’ਤੇ ਕਬਜ਼ਾ ਕਰਨ ਦੀ ਕੀਤੀ ਕੋਸ਼ਿਸ਼



**ਪਟਿਆਲਾ/ਸਨੌਰ (ਆਵਾਜ਼ਿ ਕੌਮ ਬਿਊਰੋ)**-ਸ਼ੰਭੂ ਬਾਰਡਰ ’ਤੇ ਕਿਸਾਨੀ ਮੰਗਾਂ ਨੂੰ ਲੈ ਕੇ ਸ਼ਾਂਤੀਮਈ ਤਰੀਕੇ ਨਾਲ 131 ਦਿਨਾਂ ਤੋਂ ਚੱਲ ਰਹੇ ਕਿਸਾਨ ਅੰਦੋਲਨ-2.0 ਦੀ ਸਟੇਜ ’ਤੇ ਹਾਲਤ ਉਸ ਸਮੇਂ ਨਾਜ਼ੁਕ ਬਣ ਗਏ, ਜਦੋਂ 100 ਦੇ ਕਰੀਬ ਭਾਜਪਾ ਦੇ ਕਰੀਬੀ ਬੰਦਿਆਂ ਨੇ ਇਕੱਠੇ ਹੋ ਕੇ ਸ਼ੰਭੂ ਦੀ ਸਟੇਜ ’ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ, ਜਿਸ ਕਾਰਨ ਅੰਦੋਲਨ ’ਚ ਵੱਡਾ ਬਵਾਲ ਹੋ ਗਿਆ ਤੇ ਵੱਡਾ ਕਾਂਡ ਹੁੰਦਾ-ਹੁੰਦਾ ਬਚ ਗਿਆ।ਸ਼ੰਭੂ ਬਾਰਡਰ ਦੀਆਂ ਸਟੇਜ ’ਤੇ ਮੌਜੂਦ ਆਗੂਆਂ ਬਲਦੇਵ ਸਿੰਘ ਜ਼ੀਰਾ, ਸਵਿੰਦਰ ਸਿੰਘ ਚੁਤਾਲਾ, ਜਸਵੀਰ ਸਿੰਘ ਸਿੱਧੂਪੁਰ, ਜੰਗ ਸਿੰਘ ਭਟੇੜੀ, ਮਾਨ ਸਿੰਘ ਰਾਜਪੁਰਾ, ਕਰਨੈਲ ਸਿੰਘ ਲੰਗ,

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੇਵ ਸਿੰਘ ਗੱਜੂ ਮਾਜਰਾ, ਗੁਰਅਮਨੀਤ ਸਿੰਘ ਮਾਂਗਟ, ਜਸਵੀਰ ਸਿੰਘ ਪਿੰਦੀ, ਸੂਰਜਭਾਨ ਫਰੀਦਕੋਟ ਨੇ ਦੱਸਿਆ ਕਿ 1 ਵਜੇ ਦੇ ਕਰੀਬ ਜਦੋਂ ਸਟੇਜ ਦੀ ਕਾਰਵਾਈ ਚੱਲ ਰਹੀ ਸੀ ਤਾਂ ਵਿਸ਼ਾਲ ਬੱਤਰਾ ਅੰਬਾਲਾ, ਸੋਨੂੰ ਸਰਵਿਸ ਸਟੇਸ਼ਨ ਤੇਪਲਾ, ਮਿਨਟੂ ਰਾਜਗੜ੍ਹ, ਜੈਗੋਪਾਲ ਭੱਠੇ ਵਾਲਾ, ਦਲਬੀਰ ਸਿੰਘ ਉਰਫ ਬਿੱਟੂ ਬਾਬਾ ਰਾਜਗੜ੍ਹ ਦੀ ਅਗਵਾਈ ’ਚ 100 ਦੇ ਕਰੀਬ ਵਿਅਕਤੀਆਂ ਨੇ ਸਟੇਜ ’ਤੇ ਹਮਲਾ ਕਰ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ। ਕਿਸਾਨ ਆਗੂਆਂ ਵੱਲੋਂ ਉਨ੍ਹਾਂ ਨੂੰ ਬੈਠ ਕੇ ਗੱਲ ਕਰਨ ਲਈ ਆਖਿਆ ਗਿਆ, ਜਿਸ ’ਤੇ ਉਕਤ ਵਿਅਕਤੀ ਹੱਥੋਪਾਈ ’ਤੇ ਉਤਰ ਆਏ। ਹਮਲਾ ਕਰਨ ਵਾਲੇ ਰੋਡ ਬੰਦ ਹੋਣ ਦਾ ਇਲਜ਼ਾਮ ਕਿਸਾਨਾਂ ਸਿਰ ਲਾ ਰਹੇ ਸਨ, ਜਦੋਂ ਕਿ ਕਿਸਾਨ ਆਗੂਆਂ ਨੇ ਸਾਫ਼ ਕੀਤਾ ਕਿ ਰੋਡ ਸਰਕਾਰ ਨੇ ਜਾਮ ਕੀਤਾ ਹੋਇਆ ਹੈ 8 ਫਰਵਰੀ ਤੋਂ, ਜਦੋਂ ਕਿ ਕਿਸਾਨ ਤਾ ਬਾਰਡਰ ’ਤੇ 13 ਫਰਵਰੀ ਨੂੰ ਪਹੁੰਚੇ। ਆਗੂਆਂ ਨੇ ਦੱਸਿਆਂ ਕਿ ਹਮਲਾਵਰਾਂ ’ਚ ਆਗੂ ਬਣ ਕੇ ਆਏ ਹੋਏ ਵਿਅਕਤੀ ਮਾਈਨਿੰਗ ਦਾ ਧੰਦਾ ਕਰਦੇ ਹਨ ਤੇ ਘੱਗਰ ’ਚੋਂ ਰੇਤਾ ਕੱਢ ਕੇ ਕਾਲਾਬਾਜ਼ਾਰੀ ਕਰਦੇ ਹਨ।ਮੋਰਚਾ ਲੱਗਾ ਹੋਣ ਕਾਰਨ ਕਾਲਾਬਾਜ਼ਾਰੀ ਦਾ ਧੰਦਾ ਬਿਲਕੁਲ ਬੰਦ ਹੈ।ਕਲ ਪਿੰਡਾਂ ਦੇ ਲੋਕਾਂ ਜੰਗਪੁਰਾ ਤੋਂ ਭੂਰਾ ਸਿੰਘ, ਜਗਮੀਤ ਸਿੰਘ ਸੰਧਾਰਸੀ, ਗੁਰਪ੍ਰੀਤ ਸਿੰਘ ਨੰਡਿਆਲੀ, ਬਲਵੀਰ ਸਿੰਘ ਹੁਲਕਾ, ਮਨਦੀਪ ਸਿੰਘ ਕਨੋਲੀ, ਬਿੱਟੂ ਬੂਟਾ ਸਿੰਘ ਵਾਲਾ, ਸਤਪਾਲ ਸਿੰਘ ਖਲੋਰ, ਹਰਪ੍ਰੀਤ ਸਿੰਘ ਮਦਨਪੁਰ, ਦਲਜੀਤ ਕਾਲਾ ਚਮਾਰੂ, ਹਰਵਿੰਦਰ ਬੱਲੋਪੁਰ, ਜਸਵਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਹਮਲਾ ਕਰਨ ਵਾਲੇ ਲੋਕ ਉਹ ਹੀ ਹਨ, ਜੋ ਵੋਟ ਪਾਰਟੀਆਂ ਦੇ ਛੋਟੇ ਮੋਟੇ ਲੀਡਰ ਹਨ ਤੇ ਪੂਰੇ ਪੁਆਧ ਦਾ ਨਾਮ ਖਰਾਬ ਕਰ ਰਹੇ ਹਨ, ਜਦੋ ਕਿ ਪੁਆਧ ਦੇ ਲੋਕ ਪੂਰੀ ਤਰ੍ਹਾਂ ਮੋਰਚੇ ਦੇ ਨਾਲ ਖੜ੍ਹੇ ਹਨ। ਜੇਕਰ ਦੁਬਾਰਾ ਕਿਸੇ ਨੇ ਕਿਸਾਨ ਮੋਰਚੇ ’ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਤਾਂ ਸਭ ਤੋਂ ਪਹਿਲਾ ਉਨ੍ਹਾਂ ਨੂੰ ਪੁਆਧ ਦੇ ਲੋਕਾਂ ਦਾ ਸਾਹਮਣਾ ਕਰਨਾ ਪਵੇਗਾ। ਆਗੂਆਂ ਨੇ ਪੁਲਸ ਪ੍ਰਸ਼ਾਸਨ ’ਤੇ ਦੋਸ਼ ਲਾਉਦੇ ਹੋਏ ਆਖਿਆ ਕਿ ਇਸ ਹਮਲੇ ਵਿਚ ਪੁਲਸ ਨੇ ਹਮਲਾਵਰਾਂ ਨੂੰ ਸਟੇਜ ਤੱਕ ਆਉਣ ਦਿੱਤਾ ਤੇ ਮੂਕ ਦਰਸ਼ਕ ਬਣ ਕੇ ਖੜ੍ਹੀ ਰਹੀ। ਇਹ ਹਮਲਾ ਸਾਜਿਸ਼ ਤਹਿਤ ਗਿਣਮਿਥ ਕੇ ਕੀਤਾ ਗਿਆ। ਆਉਣ ਵਾਲੇ ਦਿਨਾਂ ’ਚ ਪਿੱਛੇ ਤੋਂ ਕੰਮ ਕਰ ਰਹੇ ਸਾਜਿਸ਼ਕਾਰੀ ਵੀ ਲੋਕਾਂ ਵਿਚ ਨੰਗੇ ਕੀਤੇ ਜਾਣਗੇ।ਕਿਸਾਨ ਆਗੂਆਂ ਨੇ ਸਵਾਲ ਪੁੱਛੇ ਕਿ ਕਿਸ ਤਰ੍ਹਾਂ ਇਹ ਗੁੰਡੇ ਪੁਲਸ ਦੀ ਮੌਜੂਦਗੀ ਹੋਣ ਦੇ ਬਾਵਜੂਦ ਮੰਚ ਤੱਕ ਪਹੁੰਚੇ ਅਤੇ ਕਿਸਾਨਾਂ ਦੇ ਨਾਲ ਧੱਕਾਮੁੱਕੀ ਕਰਨ ਆ ਗਏ। ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਭਵਿੱਖ ਵਿਚ ਇਸ ਤਰ੍ਹਾਂ ਦੀ ਕੋਈ ਘਟਨਾ ਵਾਪਰਦੀ ਹੈ ਤਾਂ ਉਸ ਦੇ ਸਿੱਟੇ ਅੱਛੇ ਨਹੀਂ ਹੋਣਗੇ। ਉਨ੍ਹਾਂ ਕਿਹਾ ਅਸੀਂ ਕਾਨੂੰਨ ਦੇ ਦਾਇਰੇ ’ਚ ਰਹਿ ਕੇ ਸ਼ਾਂਤਮਈ ਤਰੀਕੇ ਨਾਲ ਆਪਣਾ ਅੰਦੋਲਨ ਕਰ ਰਹੇ ਹਾਂ ਅਤੇ ਜੇ ਕੋਈ ਵੀ ਵਿਅਕਤੀ ਇੱਥੇ ਆ ਕੇ ਗੁੰਡਾਗਰਦੀ ਜਾਂ ਬਵਾਲ ਕਰੇਗਾ ਤੇ ਉਹ ਬਰਦਾਸ਼ਤ ਨਹੀਂ ਕੀਤਾ ਜਾਏਗਾ।

## ਇੱਕ ਨਜ਼ਰ

### ਨਗਰ ਕੌਂਸਲ ਖਰੜ ਦੇ ਫਾਇਰ ਸਟਾਫ ਵਲੋਂ ਠੰਡੇ ਮਿੱਠੇ ਪਾਣੀ ਦੀ ਛਬੀਲ



**ਖਰੜ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਨਗਰ ਕੌਂਸਲ ਖਰੜ ਦੇ ਫਾਇਰ ਸਟਾਫ ਵਲੋਂ ਖਰੜ-ਰੋਪੜ ਹਾਈਵੇਅ ਤੇ ਸਟੇਸ਼ਨ ਫਾਇਰ ਅਫਸਰ ਕੌਰ ਸਿੰਘ ਦੀ ਅਗਵਾਈ ਵਿਚ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ। ਇਸ ਮੌਕੇ ਸਬ ਸਟੇਸ਼ਨ ਫਾਇਰ ਅਫਸਰ ਅਮਰਪ੍ਰੀਤ ਸਿੰਘ, ਇਮੇਸ਼ ਕੁਮਾਰ, ਮਨਦੀਪ ਸਿੰਘ ਲੋਗੀਆਂ, ਗੁਰਦੀਪ ਚੌਧਰੀ, ਮਲਕੀਤ ਸਿੰਘ, ਗਗਨਪ੍ਰੀਤ ਸਿੰਘ, ਪਰਮਿੰਦਰ ਸਿੰਘ, ਤੇਜਿੰਦਰ ਸਿੰਘ, ਗੁਰਚਰਨ ਸਿੰਘ, ਅਮਰੀਕ ਸਿੰਘ, ਗੁਰਵਿੰਦਰ ਸਿੰਘ, ਮਨਪ੍ਰੀਤ ਸਿੰਘ, ਰਵਿੰਦਰ ਸ਼ਰਮਾ, ਸੁਖਪ੍ਰੀਤ ਸਿੰਘ, ਜਗਦੀਪ ਸਿੰਘ ਸਮੂਹ ਕਰਮਚਾਰੀ ਫਾਇਰ ਸਟੇਸ਼ਨ ਦਫਤਰ ਖਰੜ ਹਾਜਿਰ ਸਨ।

### ਝੋਨੇ ਦੀ ਐਮ.ਐਸ.ਪੀ 'ਚ ਅੰਸਕ ਵਾਧਾ ਸਰਕਾਰ ਵਾਪਸ ਲੈ ਕੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾ ਤਹਿਤ ਸੂਚਕ ਅੰਕ ਨਾਲ ਜੋੜੇ: ਕਰਨੈਲ ਸਿੰਘ ਪੀਰਮੁਹੰਮਦ

#### ਸਾਉਣੀ ਦੀਆਂ 14 ਫਸਲਾਂ 'ਤੇ ਸੀ-2 ਤੇ 50 ਫ਼ੀਸਦੀ ਮੁਨਾਫਾ ਗਿਣਨ ਲਈ ਕਿਸਾਨਾਂ ਦੇ ਪ੍ਰਤੀਨਿਧਾਂ ਸਮੇਤ ਕਮੇਟੀ ਗਠਿਤ ਕਰਨ ਦੀ ਕੀਤੀ ਮੰਗ

**ਨਵੀਂ ਦਿੱਲੀ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਸ. ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਸਾਰੀਆਂ ਫਸਲਾਂ ਦੀ ਐਮ.ਐਸ.ਪੀ ਤੈਅ ਕਰਨ ਲਈ ਵਿਗਿਆਨਕ ਪਹੁੰਚ ਅਪਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਐਮ.ਐਸ.ਪੀ ਵਿਚ 117 ਰੁਪਏ ਦਾ ਨਿਗੂਣਾ ਵਾਧਾ ਕਰਨ ਸਮੇਂ ਕੇਂਦਰ ਸਰਕਾਰ ਤੇ ਸਵਾਮੀਨਾਥਨ ਕਮਿਸਨ ਦੀ ਸਿਫਾਰਸ ਮੁਤਾਬਕ ਲਾਗਤ 'ਤੇ 50 ਫ਼ੀਸਦੀ ਮੁਨਾਫੇ ਦਾ ਖਿਆਲ ਨਹੀਂ ਰੱਖਿਆ ਗਿਆ।ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਮੂੰਗੀ ਤੇ ਮੱਕੀ ਦੀ ਐਮ.ਐਸ.ਪੀ ਵਿਚ ਕੋਈ ਵਾਧਾ ਨਹੀਂ ਕੀਤਾ ਗਿਆ, ਇਹਨਾਂ ਫਸਲਾਂ ਦੀ ਐਮ.ਐਸ.ਪੀ 'ਤੇ ਖਰੀਦ ਵਾਸਤੇ ਕੋਈ ਯੰਤਰ ਵਿਧੀ ਤੈਅ ਨਹੀਂ ਹੈ ਉਹਨਾਂ ਕਿਹਾ ਕਿ ਪੰਜਾਬ ਅਤੇ ਦੇਸ ਦੇ ਹੋਰ ਹਿੱਸਿਆਂ ਦੇ ਕਿਸਾਨਾਂ ਨੂੰ ਪ੍ਰਾਈਵੇਟ ਖਿਡਾਰੀਆਂ ਦੇ ਰਹਿਮੋ ਕਰਮ 'ਤੇ ਛੱਡ ਦਿੱਤਾ ਗਿਆ ਹੈ ਕਿਉਂਕਿ ਕੇਂਦਰ ਸਰਕਾਰ ਇਹਨਾਂ ਫਸਲਾਂ ਦੀ ਐਮ.ਐਸ.ਪੀ 'ਤੇ ਖਰੀਦ ਨਹੀਂ ਕਰ ਰਹੀ। ਉਹਨਾਂ ਕਿਹਾ ਕਿ ਪੰਜਾਬ ਦੇ ਮਾਮਲੇ ਵਿਚ ਕਿਸਾਨਾਂ ਨੂੰ ਉਦੋਂ ਵੱਡਾ ਘਾਟਾ ਝੱਲਣਾ ਪਿਆ ਜਦੋਂ ਉਹਨਾਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੀ ਅਪੀਲ 'ਤੇ ਵੱਡੀ ਪੱਧਰ 'ਤੇ ਮੂੰਗੀ ਬੀਜ ਲਈ ਸੀ ਪਰ ਇਸ ਦੀ ਐਮ.ਐਸ.ਪੀ ਖਰੀਦ ਨਹੀਂ ਕੀਤੀ ਗਈ ਤੇ ਸਰਕਾਰ ਆਪਣੇ ਵਾਅਦੇ ਤੋਂ ਭੱਜ ਗਈ।ਜਿਸ ਤਰੀਕੇ ਝੋਨੇ ਦੀ ਐਮ.ਐਸ.ਪੀ ਵਿਚ ਵਾਧਾ ਕੀਤਾ ਗਿਆ ਹੈ।ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਬੀਤੇ ਦਿਨੀਂ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਸੀ ਕਿ ਐਮ.ਐਸ.ਪੀ ਗਿਣਨ ਸਮੇਂ ਜਮੀਨ ਦੀ ਕੀਮਤ, ਇਸ ਦੇ ਠੇਕੇ ਦੀ ਲਾਗਤ ਸਮੇਤ ਵਿਆਪਕ ਕੀਮਤ (ਸੀ-2) ਜਨਤਕ ਤੌਰ 'ਤੇ ਗਿਣੇ ਜਾਣੇ ਚਾਹੀਦੇ ਹਨ ਉਹਨਾਂ ਕਿਹਾ ਕਿ ਕਿਸਾਨ ਸਹੀ ਮਹਿਸੂਸ ਕਰਦੇ ਹਨ ਕਿ ਉਹਨਾਂ ਦਾ ਸਹੀ ਸਤਿਕਾਰ ਨਹੀਂ ਕੀਤਾ ਜਾ ਰਿਹਾ ਹੈ ਤੇ ਜੇਕਰ ਇਹ ਸੀ-2 ਸਹੀ ਤਰੀਕੇ ਨਾ ਗਿਣੀ ਗਈ ਤਾਂ ਉਹਨਾਂ ਨੂੰ ਸੀ-2 'ਤੇ 50 ਫ਼ੀਸਦੀ ਮੁਨਾਫੇ ਸਮੇਤ ਬਣਦੀ ਐਮ.ਐਸ.ਪੀ ਦਾ ਲਾਭ ਨਹੀਂ ਮਿਲੇਗਾ। ਉਹਨਾਂ ਨੇ ਇਕ ਕਮੇਟੀ ਬਣਾਉਣ ਦੀ ਵਕਾਲਤ ਕੀਤੀ ਜੋ ਸੀ-2 ਦੇ ਨਾਲ 50 ਫ਼ੀਸਦੀ ਮੁਨਾਫਾ ਗਿਣ ਕੇ ਸਾਉਣੀ ਦੀਆਂ 14 ਫਸਲਾਂ 'ਤੇ ਆਈ ਲਾਗਤ ਮੁਤਾਬਕ ਐਮ.ਐਸ.ਪੀ ਗਿਣੇ ਅਤੇ ਇਸ ਕਮੇਟੀ ਵਿਚ ਕਿਸਾਨ ਪ੍ਰਤੀਨਿਧ ਵੀ ਸਾਮਲ ਕੀਤੇ ਜਾਣ।ਸ. ਪਰਮੁਹੰਮਦ ਨੇ ਕਿਹਾ ਕਿ ਜੇਕਰ ਇਹ ਕਮੇਟੀ ਤੁਰੰਤ ਗਠਿਤ ਕੀਤੀ ਜਾਂਦੀ ਹੈ ਤੇ ਇਸ ਨੂੰ ਆਪਣੀਆਂ ਸਿਫਾਰਸਾਂ ਦੇਣ ਲਈ ਇਕ ਸਮਾਂ ਨਿਰਧਾਰਿਤ ਕੀਤਾ ਜਾਂਦਾ ਹੈ ਤਾਂ ਫਿਰ ਸਾਉਣੀ ਦੀਆਂ ਸਾਰੀਆਂ ਫਸਲਾਂ 'ਤੇ ਐਮ.ਐਸ.ਪੀ ਸਹੀ ਤਰੀਕੇ ਤੈਅ ਹੋ ਸਕਦੀ ਹੈ।ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਜਦੋਂ ਤੱਕ ਅਜਿਹਾ ਨਹੀਂ ਕੀਤਾ ਜਾਂਦਾ ਖੇਤੀਬਾੜੀ ਸੈਕਟਰ ਆਰਥਿਕ ਸੰਕਟ 'ਚੋਂ ਨਹੀਂ ਨਿਕਲ ਸਕੇਗਾ ਤੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਇਸ ਸਾਲ ਦੇ ਅਖੀਰ ਤੱਕ ਕਿਸਾਨਾਂ ਦੀ ਆਮਦਨ ਦੁੱਗਣਾ ਕਰਨ ਦਾ ਤੈਅ ਟੀਚਾ ਪੂਰਾ ਨਹੀਂ ਹੋ ਸਕੇਗਾ।



### ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਨੇ ਮਨਾਇਆ ਅੰਤਰਰਾਸਟਰੀ ਯੋਗਾ ਦਿਵਸ

## ਪ੍ਰਿੰਸੀਪਲ ਪ੍ਰੋ. ਸੁਰਿੰਦਰ ਕੌਰ ਨੇ ਵਿਦਿਆਰਥੀਆਂ ਨਾਲ ਯੋਗਾ ਦੀ ਮਹੱਤਤਾ ਬਾਰੇ ਸਾਂਝੇ ਕੀਤੇ ਵਿਚਾਰ

**ਨਵੀਂ ਦਿੱਲੀ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ, ਦਿੱਲੀ ਯੂਨੀਵਰਸਿਟੀ ਦੇ ਐਨ.ਸੀ.ਸੀ. ਕੈਡਟਸ, ਐਨ.ਐੱਸ.ਐੱਸ. ਮੈਂਬਰਾਂ ਅਤੇ ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਦੇ ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਯੋਗਾ ਦਿਵਸ ਨੂੰ ਮਨਾਉਂਦੇ ਹੋਏ ਉਤਸਾਹ ਭਰਪੂਰ ਹਾਜ਼ਰੀ ਦਿੱਤੀ।ਡਾ. ਦਿਵਿਆਂਸ ਜੈਨ ਦੀ ਅਗਵਾਈ ਹੇਠ ਯੋਗਾ ਦੇ ਵੱਖ-ਵੱਖ ਆਸਨ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਕੀਤੇ ਗਏ।ਕਾਲਜ ਦੀ ਪ੍ਰਿੰਸੀਪਲ ਪ੍ਰੋ. ਸੁਰਿੰਦਰ ਕੌਰ, ਡਾ. ਗੁਰਜੀਤ ਕੌਰ (ਸੀ.ਟੀ.ਓ), ਡਾ. ਪ੍ਰਕਾਸ ਸਿੰਘ (ਸੀ.ਟੀ.ਓ), ਮੇਜਰ (ਪ੍ਰੋ.) ਗੁਰਿੰਦਰ ਸਿੰਘ (ਸਾਬਕਾ ਏ.ਐਨ.ਓ.) ਅਤੇ ਡਾ. ਇੰਦਰਪ੍ਰੀਤ ਕੌਰ ਨੇ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਬਾਰੇ ਚਰਚਾ ਕਰਦਿਆਂ ਇਨ੍ਹਾਂ ਵਿਚ ਤਾਲਮੇਲ ਬਿਠਾਉਣ ਲਈ ਯੋਗਾ ਦੀ ਮਹੱਤਤਾ ਸੰਬੰਧੀ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਇਸ ਯੋਗਾ ਸੈਸਨ ਦਾ ਮਕਸਦ ਵਿਦਿਆਰਥੀਆਂ ਵਿੱਚ ਸਿਹਤਮੰਦ ਜੀਵਨ ਸੈਲੀ ਨੂੰ ਉਤਸਾਹਿਤ ਕਰਨਾ ਸੀ। ਭਾਗੀਦਾਰਾਂ ਨੇ ਯੋਗਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦੀ ਸੰਹੂ ਵੀ ਖਾਦੀ।

### ਰਾਜਸਥਾਨ ਜੁਡੀਸ਼ੀਅਲ ਪੇਪਰ 'ਚ ਗੁਰਸਿੱਖ ਲੜਕੀ ਨੂੰ ਕਿਰਪਾਨ ਪਹਿਨਣ ਕਰਕੇ ਦਾਖਲਾ ਨਾ ਦੇਣਾ ਦੇਸ਼ ਦੇ ਸੰਵਿਧਾਨ ਦੀ ਵੱਡੀ ਉਲੰਘਣਾ- ਪ੍ਰਧਾਨ ਐਡਵੋਕੇਟ ਧਾਮੀ

## ਸਿੱਖਾਂ ਨੂੰ ਜਾਣਬੁੱਝ ਕੇ ਨਿਸ਼ਾਨੇ 'ਤੇ ਲੈਣਾ ਦੇਸ਼ਿਹੱਤ ਵਿੱਚ ਨਹੀਂ: ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ



**ਅੰਮ੍ਰਿਤਸਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਰਾਜਸਥਾਨ ਲੋਕ ਸੇਵਾ ਕਮਿਸ਼ਨ ਵੱਲੋਂ ਅੱਜ 23 ਜੂਨ ਨੂੰ ਜੋਧਪੁਰ ਦੇ ਇੱਕ ਕੇਂਦਰ ਵਿਖੇ ਕਰਵਾਏ ਗਏ ਰਾਜਸਥਾਨ ਜੁਡੀਸ਼ੀਅਲ ਮੁਕਾਬਲਾ ਪ੍ਰੀਖਿਆ ਲਈ ਪਹੁੰਚੀ ਇੱਕ ਗੁਰਸਿੱਖ ਲੜਕੀ ਨੂੰ ਸਿੱਖ ਕਕਾਰ ਕਿਰਪਾਨ ਉਤਾਰਣ ਲਈ ਆਖਣ ਅਤੇ ਪ੍ਰੀਖਿਆ ਵਿੱਚ ਦਾਖਲਾ ਨਾ ਦੇਣ ਦਾ ਸਖ਼ਤ ਨੋਟਿਸ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਦੇਸ਼ ਦੇ ਸੰਵਿਧਾਨ ਦੀ ਵੱਡੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਗੁਰਸਿੱਖ ਲੜਕੀ ਐਡਵੋਕੇਟ ਅਰਮਨਜੋਤ ਕੌਰ ਨੂੰ ਕਿਰਪਾਨ ਸਮੇਤ ਜੁਡੀਸ਼ੀਅਲ ਪ੍ਰੀਖਿਆ ਵਿੱਚੋਂ ਰੋਕਣ ਵਾਲੇ ਪ੍ਰੀਖਿਆ ਕੇਂਦਰ ਦੇ ਅਧਿਕਾਰੀਆਂ ਦੇ ਖਿਲਾਫ਼ ਸਖ਼ਤ ਕਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ, ਜਿਨ੍ਹਾਂ ਦੀ ਇਸ ਆਪਹੁਦਰੀ ਹਰਕਤ ਨਾਲ ਇੱਕ ਬੱਚੀ ਦਾ ਭਵਿੱਖ ਦਾਅ 'ਤੇ ਲੱਗਿਆ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸਿੱਖ ਰਹਿਤ ਮਰਯਾਦਾ ਅਨੁਸਾਰ ਕੋਈ ਵੀ ਅੰਮ੍ਰਿਤਧਾਰੀ ਸਿੱਖ ਆਪਣੇ ਸ਼ਰੀਰ ਨਾਲੋਂ ਪੰਜ ਸਿੱਖ ਕਕਾਰ ਵੱਖ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਪਿਛਲੇ ਕੁਝ ਸਮੇਂ ਤੋਂ ਦੇਸ਼ ਅੰਦਰ ਸਿੱਖ ਉਮੀਦਵਾਰਾਂ ਨੂੰ ਖਾਸ ਕਰਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਅਕਸਰ ਹੀ ਅਜਿਹੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਹਨ, ਜਿਨ੍ਹਾਂ ਵਿੱਚ ਅੰਮ੍ਰਿਤਧਾਰੀ ਸਿੱਖਾਂ ਦੇ ਧਾਰਮਿਕ ਚਿੰਨ੍ਹ ਕਕਾਰ ਉਤਾਰਣ ਲਈ ਆਖਿਆ ਜਾਂਦਾ ਹੈ ਅਤੇ ਵਿਰੋਧ ਕਰਨ ਉੱਤੇ ਮੁਕਾਬਲਾ ਪ੍ਰੀਖਿਆਵਾਂ ਵਿੱਚ ਦਾਖਲਾ ਨਹੀਂ ਦਿੱਤਾ ਜਾਂਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਵਰਤਾਰੇ ਨੂੰ ਆਪਣੇ ਹੀ ਦੇਸ਼ ਭਾਰਤ ਅੰਦਰ ਸਿੱਖਾਂ ਨਾਲ ਵੱਡਾ ਵਿਤਕਰਾ ਕਰਾਰ ਦਿੰਦਿਆਂ ਗੁਰਸਿੱਖ ਲੜਕੀ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦੀ ਗੱਲ ਆਖੀ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਪੀੜਤ ਗੁਰਸਿੱਖ ਬੱਚੀ ਦੇ ਨਾਲ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਉਮੀਦਵਾਰਾਂ ਨਾਲ ਕੀਤਾ ਜਾਂਦਾ ਇਹ ਵਿਤਕਰਾ ਵਖਰੇਵਾਂ ਉਨ੍ਹਾਂ ਦੀ ਮਾਨਸਿਕਤਾ ਨੂੰ ਸੱਟ ਮਾਰਦਾ ਹੈ, ਕਿਉਂਕਿ ਪੇਪਰ ਤੋਂ ਪਹਿਲਾਂ ਉਮੀਦਵਾਰਾਂ ਨਾਲ ਅਜਿਹੇ ਅਪਰਾਧਿਕ ਵਿਹਾਰ ਕਰਕੇ ਪੇਪਰ ਵਿੱਚ ਕਾਰਗੁਜ਼ਾਰੀ ਉੱਤੇ ਗਹਿਰਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਕਿ ਸਭ ਨੂੰ ਇਹ ਪਤਾ ਹੋਣ ਦੇ ਬਾਵਜੂਦ ਵੀ ਕਿ ਕਿਰਪਾਨ ਸਿੱਖਾਂ ਦੇ ਪੰਜ ਕਕਾਰਾਂ ਦਾ ਹਿੱਸਾ ਹੈ ਅਤੇ ਇਹ ਸਿੱਖ ਪਛਾਣ, ਮੌਲਿਕ ਅਧਿਕਾਰਾਂ ਦੀ ਤਰਜਮਾਨ ਵੀ ਹੈ, ਫਿਰ ਵੀ ਸਿੱਖਾਂ ਨਾਲ ਨਫ਼ਰਤੀ ਵਿਹਾਰ ਕਰਨਾ ਅਤਿ ਨਿੰਦਣਯੋਗ ਹੈ।

ਐਡੋਵੇਕਟ ਧਾਮੀ ਨੇ ਰਾਸਜਥਾਨ ਸਰਕਾਰ ਦੇ ਮੁੱਖ ਮੰਤਰੀ ਸ੍ਰੀ ਭਜਨ ਲਾਲ ਸ਼ਰਮਾ ਨੂੰ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੇਣ ਦੀ ਮੰਗ ਕਰਦਿਆਂ ਕਿਹਾ ਕਿ ਉਹ ਸਿੱਖ ਬੱਚੀ ਨੂੰ ਜੁਡੀਸ਼ੀਅਲ ਪੇਪਰ ਵਿੱਚ ਦਾਖਲੇ ਤੋਂ ਰੋਕਣ ਵਾਲੇ ਦੋਸ਼ੀ ਅਧਿਕਾਰੀਆਂ ਦੇ ਖਿਲਾਫ ਸਖ਼ਤ ਕਾਰਵਾਈ ਕਰਨ। ਉਨ੍ਹਾਂ ਮੁੱਖ ਮੰਤਰੀ ਤੋਂ ਇਹ ਵੀ ਮੰਗ ਕੀਤੀ ਕਿ ਰਾਜਸਥਾਨ ਜੁਡੀਸ਼ੀਅਲ ਸੇਵਾਵਾਂ ਦੇ ਮੁਕਾਬਲਾ ਪ੍ਰੀਖਿਆ ਦੀ ਸਿੱਖ ਉਮੀਦਵਾਰ ਐਡਵੋਕੇਟ ਅਰਮਨਜੋਤ ਕੌਰ ਲਈ 23 ਜੂਨ 2024 ਨੂੰ ਹੋਇਆ ਪੇਪਰ ਦਿਵਾਉਣ ਲਈ ਸੂਬਾ ਸਰਕਾਰ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ।

**ਕੀ ਹੈ ਮਾਮਲਾ ?**

ਜੋਧਪੁਰ ਵਿਖੇ ਅੱਜ ਹੋਏ ਰਾਜਸਥਾਨ ਜੁਡੀਸ਼ੀਅਲ ਸੇਵਾਵਾਂ ਦੇ ਮੁਕਾਬਲ ਪੇਪਰ ਵਿੱਚ ਜਲੰਧਰ ਨਿਵਾਸੀ ਗੁਰਸਿੱਖ ਲੜਕੀ ਐਡਵੋਕੇਟ ਅਰਮਨਜੋਤ ਕੌਰ ਨੂੰ ਕਿਰਪਾਨ ਪਹਿਨ ਕੇ ਪ੍ਰੀਖਿਆ ਕੇਂਦਰ ਵਿੱਚ ਜਾਣ ਤੋਂ ਰੋਕ ਦਿੱਤਾ ਗਿਆ। ਸਿੱਖ ਬੱਚੀ ਦੇ ਪਿਤਾ ਸ. ਬਲਜੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਨੂੰ ਜਾਣਕਾਰੀ ਦਿੱਤੀ ਕਿ ਉਨ੍ਹਾਂ ਦੀ ਬੇਟੀ ਜਸਥਾਨ ਜੁਡੀਸ਼ੀਅਲ ਸੇਵਾਵਾਂ ਲਈ ਮੁਕਾਬਲਾ ਪ੍ਰੀਖਿਆ ਦੇਣ ਲਈ ਅੱਜ ਜੋਧਪੁਰ ਗਈ ਸੀ, ਜਿੱਥੇ ਪ੍ਰੀਖਿਆ ਕੇਂਦਰ ਦੇ ਅਧਿਕਾਰੀਆਂ ਨੇ ਉਸ ਨੂੰ ਪੇਪਰ ਵਿੱਚ ਦਾਖਲੇ ਲਈ ਕਿਰਪਾਨ ਉਤਾਰਨ ਲਈ ਕਿਹਾ। ਲੇਕਿਨ ਸਿੱਖ ਬੱਚੀ ਨੇ ਇਸ ਗੱਲ ਦਾ ਵਿਰੋਧ ਕੀਤਾ ਅਤੇ ਕਿਰਪਾਨ ਨਹੀਂ ਉਤਾਰੀ ਤਾਂ ਉਸ ਨੂੰ ਪ੍ਰੀਖਿਆ ਦੇਣ ਦੇ ਮੌਕੇ ਤੋਂ ਵਾਂਝੇ ਰੱਖਿਆ ਗਿਆ। ਸ. ਬਲਜੀਤ ਸਿੰਘ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਇਸ ਮਾਮਲੇ ਵਿੱਚ ਜੋਧਪੁਰ ਵਿਖੇ ਰਾਜਸਥਾਨ ਦੇ ਹਾਈ ਕੋਰਟ ਵਿੱਚ ਪਟੀਸ਼ਨ ਵੀ ਪਾਈ ਗਈ ਹੈ ਅਤੇ ਨਿਆਂ ਲਈ ਕਨੂੰਨੀ ਲੜਾਈ ਲੜੀ ਜਾਵੇਗੀ। ਸ. ਬਲਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਬੇਟੀ ਨਾਲ ਇਨਸਾਫ ਹੋਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਕਿਸੇ ਹੋਰ ਨਾਲ ਅਜਿਹਾ ਵਿਤਕਰਾ ਨਾ ਹੋਵੇ।ਐਡਵੋਕੇਟ ਅਰਮਨਜੋਤ ਕੌਰ ਮੌਜੂਦਾ ਸਮੇਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਇੱਕ ਸੀਨੀਅਰ ਐਡਵੋਕੇਟ ਦੇ ਕੋਲ ਵਕਾਲਤ ਦਾ ਅਭਿਆਸ ਕਰ ਰਹੀ ਹੈ ਅਤੇ ਉਹ ਦੇਸ਼ ਅੰਦਰ ਜੁਡੀਸ਼ਰੀ ਦੇ ਖੇਤਰ ਵਿੱਚ ਆਪਣੀਆਂ ਸੇਵਾਵਾਂ ਦੇਣ ਦੀ ਤਾਂਘ ਰੱਖਦੀ ਹੈ।

## ਭਾਜਪਾ ਆਗੂ ਵਰਿੰਦਰ ਸਚਦੇਵਾ ਗੁਰਦੁਆਰਾ ਛੋਟੇ ਸਾਹਿਬਜਾਦੇ ਫ਼ਤਿਹ ਨਗਰ ਵਿਖੇ ਹੋਏ ਨਤਮਸਤਕ



**ਨਵੀਂ ਦਿੱਲੀ, 23 ਜੂਨ (ਆਵਾਜ਼ਿ ਕੌਮ ਬਿਊਰੋ):** ਦਿੱਲੀ ਪ੍ਰਦੇਸ ਭਾਜਪਾ ਦੇ ਪ੍ਰਧਾਨ ਸ਼੍ਰੀ ਵਰਿੰਦਰ ਸਚਦੇਵਾ ਨੇ ਅੱਜ ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਗੁਰਦੁਆਰਾ ਛੋਟੇ ਸਾਹਿਬਜਾਦੇ ਫ਼ਤਿਹ ਨਗਰ ਵਿਖੇ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨ ਲਈ ਗੁਰੂ ਮਹਾਰਾਜ ਦਾ ਸ਼ੁਕਰਾਨਾ ਤੇ ਧੰਨਵਾਦ ਕਰਨ ਲਈ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਲੰਗਰ ਵੀ ਛਕਿਆ। ਉਨ੍ਹਾਂ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਨੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪੱਛਮੀ ਜ਼ਿਲ੍ਹਾ ਪ੍ਰਧਾਨ ਚੰਦਰਪਾਲ ਬਖ਼ਸੀ, ਸਾਬਕਾ ਮੇਅਰ ਸ਼ਿਆਮ ਸਰਮਾ, ਸਿੱਖ ਸੈੱਲ ਦਿੱਲੀ ਪ੍ਰਦੇਸ ਦੇ ਕਨਵੀਨਰ ਕੁਲਵਿੰਦਰ ਸਿੰਘ ਬੰਟੀ, ਕੋ-ਕਨਵੀਨਰ ਚਰਨਜੀਤ ਸਿੰਘ ਲਵਲੀ, ਜ਼ਿਲ੍ਹਾ ਮੀਤ ਪ੍ਰਧਾਨ ਰਵਿੰਦਰ ਸਿੰਘ ਸੋਨੂੰ, ਸੰਦੀਪ ਜੈਨ, ਜ਼ਿਲ੍ਹਾ ਮੰਤਰੀ ਰੇਣੂ ਭਾਰਤੀ ਰਤਵਾਇਆ, ਜਨਰਲ ਸਕੱਤਰ ਕੁਨਾਲ ਸਾਹਨੀ, ਮੀਡੀਆ ਇੰਚਾਰਜ ਅਮਰਜੀਤ ਸਿੰਘ ਅਮਰ, ਸਿੱਖ ਸੈੱਲ ਦੇ ਕੋ-ਕੋਆਰਡੀਨੇਟਰ ਗੁਰਪ੍ਰੀਤ ਸਿੰਘ ਸਰਪੰਚ, ਇੰਦਰਜੀਤ ਸਿੰਘ ਬੱਲੀ, ਪਰਮਿੰਦਰ ਸਿੰਘ ਪ੍ਰਿੰਸ, ਉਂਕਾਰ ਸਿੰਘ, ਦਫਤਰ ਮੰਤਰੀ ਅਮਿਤ ਕੋਹਲੀ, ਅਮਰਜੀਤ ਸਿੰਘ ਲਵਲੀ, ਸੋਨੂੰ ਚੱਡਾ, ਖਜਾਨਚੀ ਗਗਨਦੀਪ ਸਾਹਨੀ ਅਤੇ ਜ਼ਿਲ੍ਹੇ ਦੇ ਮੰਡਲ ਅਧਿਕਾਰੀ ਆਦਿ ਮੌਜੂਦ ਸਨ। ਵਰਨਣਯੋਗ ਹੈ ਕਿ ਵਰਿੰਦਰ ਸਚਦੇਵਾ ਨੇ ਇੱਕ ਸਾਲ ਪਹਿਲਾਂ ਇਸ ਗੁਰਦੁਆਰਾ ਸਾਹਿਬ ਵਿੱਚ ਮੱਥਾ ਟੇਕਿਆ ਸੀ, ਜਿਸ ਤੋਂ ਬਾਅਦ ਉਹ ਆਪਣੇ ਸਿੱਖ ਸੈੱਲ ਦੀ ਟੀਮ ਸਮੇਤ ਗੁਰੂ ਮਹਾਰਾਜ ਦਾ ਸੁਕਰਾਨਾ ਕਰਨ ਪਹੁੰਚੇ ਸਨ।

### ਗੁਰਦੁਆਰਾ ਰਾਜੌਰੀ ਗਾਰਡਨ ਵਿਖੇ

## ਚੱਲ ਰਹੀਆਂ ਨਿਤਨੇਮ ਦੀਆਂ ਕਲਾਸਾਂ ਦੇ 25 ਸਾਲ ਸੰਪੂਰਨ ਹੋਏ

### ਜੋ ਬੱਚਾ ਇਨ੍ਹਾਂ ਕਲਾਸਾਂ 'ਚ ਆਉਂਦਾ ਰਿਹਾ ਉਹ ਕਦੇ ਨਹੀਂ ਹੋ ਸਕਦਾ ਸਿੱਖੀ ਤੋਂ ਦੂਰ:ਹਰਮਨਜੀਤ ਸਿੰਘ



**ਨਵੀਂ ਦਿੱਲੀ, 22 ਜੂਨ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵਿੱਖੇ ਬੀਤੇ 25 ਸਾਲਾਂ ਤੋਂ ਨਿਤਨੇਮ ਦੀਆਂ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਸ ਵਿੱਚ ਬੱਚਿਆਂ ਨੂੰ ਨਿਤਨੇਮ ਦੀਆਂ ਬਾਣੀਆਂ, ਗੁਰਬਾਣੀ ਕੀਰਤਨ ਅਤੇ ਦਸਤਾਰ ਬੰਨ੍ਹਣੀ ਸਿਖਾਈ ਜਾਂਦੀ ਹੈ।ਇਹ ਕਲਾਸਾਂ 25 ਸਾਲ ਪਹਿਲਾਂ ਬੀਬੀ ਹਰਜੀਤ ਕੌਰ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸੁਰੂ ਕੀਤੀਆਂ ਗਈਆਂ ਸਨ ਅਤੇ ਅੱਜ ਇਸ ਦੀ ਸਿਲਵਰ ਜੁਬਲੀ ਮਨਾਈ ਗਈ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਹਰਮਨਜੀਤ ਸਿੰਘ ਅਤੇ ਬੀਬੀ ਹਰਜੀਤ ਕੌਰ ਵੱਲੋਂ ਬੱਚਿਆਂ ਦਾ ਸਨਮਾਨ ਕੀਤਾ ਗਿਆ।ਬੀਬੀ ਹਰਜੀਤ ਕੌਰ ਨੇ ਕਿਹਾ ਕਿ ਸ. ਹਰਮਨਜੀਤ ਸਿੰਘ ਤੇ ਸ. ਮਨਜੀਤ ਸਿੰਘ ਖੰਨਾ ਸਮੇਤ ਸਮੁੱਚੀ ਕਮੇਟੀ ਵਧਾਈ ਦੀ ਪਾਤਰ ਹੈ ਜਿਹਨਾਂ ਨੂੰ ਸਿਲਵਰ ਜੁਬਲੀ ਮਨਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ।ਇਸ ਮੌਕੇ ਗੁਰਦੁਆਰਾ ਸਾਹਿਬ ਵਿੱਖੇ ਬੱਚਿਆਂ ਵੱਲੋਂ ਕੀਰਤਨ ਵੀ ਕੀਤਾ ਗਿਆ।ਸ. ਹਰਮਨਜੀਤ ਸਿੰਘ ਨੇ ਬੀਬੀ ਹਰਜੀਤ ਕੌਰ ਅਤੇ ਬੱਚਿਆਂ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਤੇ ਵਲੰਟੀਅਰਾਂ ਨੂੰ ਸਨਮਾਨਿਤ ਕੀਤਾ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਅਤੇ ਜਨਰਲ ਸਕੱਤਰ ਮਨਜੀਤ ਸਿੰਘ ਖੰਨਾ ਨੇ ਕਿਹਾ ਕਿ ਪ੍ਰਬੰਧਕ ਕਮੇਟੀ ਬੀਬੀ ਹਰਜੀਤ ਕੌਰ ਅਤੇ ਉਨ੍ਹਾਂ ਦੀ ਟੀਮ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੀ ਹੈ ਤਾਂ ਜੋ ਉਨ੍ਹਾਂ ਦੀਆਂ ਸੇਵਾਵਾਂ ਵਿੱਚ ਕੋਈ ਕਮੀ ਨਾ ਆਵੇ। ਗੁਰਦੁਆਰਾ ਕਮੇਟੀ ਵੱਲੋਂ ਮਹੀਨਾ ਭਰ ਬੱਚਿਆਂ ਲਈ ਰੋਜ਼ਾਨਾ ਲੰਗਰ ਆਦਿ ਦਾ ਵੀ ਪ੍ਰਬੰਧ ਕੀਤਾ ਜਾਂਦਾ ਰਿਹਾ।ਸ. ਹਰਮਨਜੀਤ ਸਿੰਘ ਨੇ ਕਿਹਾ ਕਿ ਜੋ ਬੱਚਾ ਇਹਨਾਂ ਕਲਾਸਾਂ ਵਿੱਚ ਆਉਂਦਾ ਹੈ ਅਤੇ ਵਿੱਦਿਆ ਗ੍ਰਹਿਣ ਕਰਦਾ ਹੈ ਉਹ ਕਦੇ ਵੀ ਸਿੱਖੀ ਤੋਂ ਦੂਰ ਨਹੀਂ ਹੋ ਸਕਦਾ ਅਤੇ ਸਿੱਖ ਇਤਿਹਾਸ, ਮਾਣ ਮਰਿਆਦਾ ਦੀ ਜਾਣਕਾਰੀ ਹਾਸਲ ਕਰਕੇ ਦੂਜਿਆਂ ਨੂੰ ਵੀ ਪ੍ਰੇਰਿਤ ਕਰਦਾ ਹੈ।